ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7l

International Daily Newspaper & WEB TV

awazeqaumtvpunjab@gmail.com

ਮੰਗਲਵਾਰ, 13 ਫਰਵਰੀ 2024 (ਨਾਨਕਸ਼ਾਹੀ ਸੰਮਤ : ੫੫੫, ੧ ਫੱਗਣ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਭਾਨਾ ਸਿੱਧੂ ਨੂੰ ਮੋਹਾਲੀ ਅਦਾਲਤ ਨੇ ਦਿੱਤੀ ਜ਼ਮਾਨਤ

**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਸੋਸ਼ਲ ਮੀਡੀਆ ਬਲੌਗਰ ਭਾਨਾ ਸਿੱਧੂ ਨੂੰ ਮੋਹਾਲੀ ਦੀ ਅਦਾਲਤ ਤੋਂ ਰਾਹਤ ਮਿਲੀ ਹੈ। ਅਦਾਲਤ ਨੇ ਮੋਹਾਲੀ ਵਿੱਚ ਦਰਜ ਕੇਸ ਵਿੱਚ ਉਸ ਨੂੰ ਜ਼ਮਾਨਤ ਦਿੱਤੀ ਹੈ। ਅਦਾਲਤ ਨੇ 50 ਹਜ਼ਾਰ ਦੇ ਮੁਚਕਲੇ ਉੱਤੇ ਭਾਨਾ ਸਿੱਧੂ ਨੂੰ ਜ਼ਮਾਨਤ ਦਿੱਤੀ ਹੈ। ਫਿਲਹਾਲ ਭਾਨਾ ਸਿੱਧੂ ਪਟਿਆਲਾ ਦੀ ਜੇਲ੍ਹ ਵਿੱਚ ਬੰਦ ਸੀ ਜਿੱਥੋਂ ਉਸ ਨੂੰ ਰਿਹਾਅ ਕਰ ਦਿੱਤਾ ਗਿਆ ਹੈ। ਜ਼ਿਕਰ ਕਰ ਦਈਏ ਕਿ ਭਾਨਾ ਸਿੱਧੂ ਉੱਤੇ ਲੁਧਿਆਣਾ ਤੇ ਪਟਿਆਲਾ ਵਿੱਚ ਕੇਸ ਦਰਜ ਸਨ। ਮੋਹਾਲੀ ਵਿੱਚ ਉਸ ਉੱਤੇ ਇੰਮੀਗ੍ਰੇਸ਼ਨ ਕੰਪਨੀ ਦੇ ਮਾਲਕ ਨੂੰ ਧਮਕਾਉਣ ਤੇ ਉਸ ਨੂੰ ਬਲੈਕਮੇਲ ਕਰਨ ਦਾ ਆਰੋਪ ਹੈ। ਇਸ ਮਾਮਲੇ ਵਿੱਚ ਉਸ ਦਾ ਭਰਾ ਅਮਨਾ ਸਿੱਧੂ ਵੀ ਆਰੋਪੀ ਹੈ। ਇਹ ਮਾਮਲਾ ਮੋਹਾਲੀ ਦੇ ਫੇਜ਼ 1 ਥਾਣੇ ਵਿੱਚ ਦਰਜ ਕੀਤਾ ਗਿਆ ਸੀ। ਜਾਣਕਾਰੀ ਮੁਤਾਬਕ, ਕਿੰਦਰਬੀਰ ਸਿੰਘ ਬਿਦੇਸ਼ਾ ਵਾਸੀ ਸੰਗਰੂਰ ਨੇ ਪੁਲਿਸ ਨੂੰ ਸ਼ਿਕਾਇਤ ਦਰਜ ਕਰਵਾਈ ਸੀ ਕਿ ਉਸ ਦੀ ਮੋਹਾਲੀ ਦੇ ਫੇਜ਼ 5 ਵਿੱਚ ਹਾਈਰਾਈਜ਼ ਇਮੀਗ੍ਰੇਸ਼ਨ ਕੰਪਨੀ ਹੈ। ਉਸ ਨੇ ਭਾਨਾ ਸਿੱਧੂ ਖ਼ਿਲਾਫ਼ ਧਮਕਾਉਣ, ਜ਼ਬਰੀ ਵਸੂਲੀ ਸਮੇਤ ਕਈ ਧਾਰਾਵਾਂ ਤਹਿਤ ਮਾਮਲਾ ਦਰਜ ਕਰਵਾਇਆ ਸੀ ਜਿਸ ਉੱਤੇ ਕਾਰਵਾਈ ਕਰਦਿਆਂ ਪੁਲਿਸ ਨੇ ਭਾਨਾ ਸਿੱਧੂ ਨੂੰ ਗ੍ਰਿਫ਼ਤਾਰ ਕੀਤਾ ਸੀ।



## ਕਿਸਾਨਾਂ ਦੇ 'ਦਿੱਲੀ ਕੂਚ' ਨੂੰ ਰੋਕਣ ਲਈ

# ਸ਼ੰਭੂ ਬਾਰਡਰ 'ਤੇ ਪੁਲਸ ਨੇ ਛੱਡੇ ਹੰਝੂ ਗੈਸ ਦੇ ਗੋਲੇ

**ਅੰਬਾਲਾ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-13 ਫਰਵਰੀ ਨੂੰ ਕਿਸਾਨਾਂ ਦੇ ਪ੍ਰਸਤਾਵਿਤ 'ਦਿੱਲੀ ਚਲੋ' ਮਾਰਚ ਦੀ ਮੁਕੰਮਲ ਤਿਆਰੀ ਹੈ। ਅਜਿਹੇ 'ਚ ਹਰਿਆਣਾ ਸਰਕਾਰ ਨੇ ਵੀ ਕਿਸਾਨਾਂ ਨੂੰ ਦਿੱਲੀ 'ਚ ਦਾਖ਼ਲ ਹੋਣ ਤੋਂ ਰੋਕਣ ਲਈ ਕਮਰ ਕੱਸ ਲਈ ਹੈ। ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਹਨ। ਸੁਰੱਖਿਆ ਫੋਰਸ ਪੂਰੀ ਤਰ੍ਹਾਂ ਮੁਸਤੈਦ ਹੈ। ਉੱਥੇ ਹੀ ਸ਼ੰਭੂ ਬਾਰਡਰ 'ਤੇ ਪੁਲਸ ਨੇ ਹੰਝੂ ਗੈਸ ਦੇ ਗੋਲ ਛੱਡੇ ਹਨ। ਕਿਸਾਨ 13 ਫਰਵਰੀ ਨੂੰ ਦਿੱਲੀ ਵੱਲ ਕੂਚ ਕਰਨਗੇ ਪਰ ਹੁਣ ਤੋਂ ਹੀ ਤਣਾਅ ਵੱਧਦਾ ਹੋਇਆ ਵੇਖਿਆ ਜਾ ਸਕਦਾ ਹੈ। ਕਿਸਾਨਾਂ ਨੇ ਇਕ ਵਾਰ ਫਿਰ ਦਿੱਲੀ ਵੱਲ ਕੂਚ ਕਰਨ ਦਾ ਐਲਾਨ ਕੀਤਾ ਹੈ। ਦਿੱਲੀ ਦੇ ਸਾਰੇ ਬਾਰਡਰਾਂ ਤੋਂ ਇਲਾਵਾ ਸਿੰਘੂ ਅਤੇ ਟਿਕਰੀ ਬਾਰਡਰ 'ਤੇ ਜ਼ਿਆਦਾ ਸਾਵਧਾਨੀ ਵਰਤੀ ਜਾ ਸਕਦੀ ਹੈ। ਸ਼ੰਭੂ ਬਾਰਡਰ 'ਤੇ ਹਾਲਾਤ ਅਜਿਹੇ ਬਣ ਗਏ ਹਨ ਕਿ ਪੁਲਸ ਨੂੰ ਹੰਝੂ ਗੈਸ ਦੇ ਗੋਲੇ ਦਾਗਣੇ ਪਏ। ਦਰਅਸਲ ਇੱਥੇ ਪਹਿਲਾਂ ਤੋਂ ਹੀ ਲੋਕਾਂ ਦੀ ਭੀੜ ਇਕੱਠੀ ਸੀ ਅਤੇ ਪੁਲਸ ਖਿਲਾਫ਼ ਨਾਅਰੇਬਾਜ਼ੀ ਕਰ ਰਹੀ ਸੀ। ਨਾਅਰੇਬਾਜ਼ੀ ਵੇਖ ਕੇ ਪੁਲਸ ਪ੍ਰਸ਼ਾਸਨ ਨੇ ਕਈ ਵਾਰ ਲੋਕਾਂ ਨੂੰ ਪਿੱਛੇ ਹੱਟਣ ਨੂੰ ਕਿਹਾ ਪਰ ਜਦੋਂ ਉਹ ਨਹੀਂ ਮੰਨੇ ਤਾਂ ਪੁਲਸ ਨੇ ਹੰਝੂ ਗੈਸ ਦੇ ਗੋਲੇ ਦਾਗੇ ਅਤੇ ਭੀੜ ਨੂੰ ਪਿੱਛੇ ਧਕੇਲ ਦਿੱਤਾ। ਉਧਰ ਹਾਈਵੇਅ 'ਤੇ ਬੈਰੀਕੇਡਿੰਗ ਕੀਤੀ ਗਈ ਹੈ, ਜਦਕਿ ਸ਼ੰਭੂ ਬਾਰਡਰ 'ਤੇ ਕਿਸਾਨਾਂ ਨੂੰ ਰੋਕਣ ਲਈ ਬੈਰੀਕੇਡਜ਼ ਲਾਏ ਗਏ ਹਨ। ਪੰਜਾਬ ਤੋਂ ਹਰਿਆਣਾ ਵਿਚ ਐਂਟਰੀ ਰੋਕਣ ਲਈ ਸਰਹੱਦ ਪੂਰੀ ਤਰ੍ਹਾਂ ਸੀਲ ਕਰ ਦਿੱਤੀ ਗਈ ਹੈ। ਦੱਸ ਦੇਈਏ ਕਿ ਹਰਿਆਣਾ ਦੇ 7 ਜ਼ਿਲ੍ਹਿਆਂ ਵਿਚ ਮੋਬਾਇਲ ਇੰਟਰਨੈੱਟ 'ਤੇ ਪਾਬੰਦੀ ਲਾ ਦਿੱਤੀ ਗਈ ਹੈ।



## ਦਿੱਲੀ ਕੂਚ ਤੋਂ ਪਹਿਲਾਂ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਰਦਾਸ



**ਕਿਸਾਨ** ਜਥੇਬੰਦੀਆਂ ਵੱਲੋਂ ਦਿੱਲੀ ਅੰਦੋਲਨ ਨੂੰ ਲੈ ਕੇ ਮੋਰਚੇ ਦੀ ਚੜ੍ਹਦੀ ਕਲਾ ਲਈ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਅਰਦਾਸ ਕੀਤੀ ਗਈ। ਇਸ ਮੌਕੇ ਕਿਸਾਨ ਆਗੂ ਬਲਦੇਵ ਸਿੰਘ ਸਿਰਸਾ ਨੇ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਕੋਈ ਵੀ ਕੰਮ ਕਰਨ ਤੋਂ ਪਹਿਲਾਂ ਗੁਰੂ ਮਹਾਰਾਜ ਦਾ ਓਟ ਆਸਰਾ ਲੈਣਾ ਬਹੁਤ ਜ਼ਰੂਰੀ ਹੁੰਦਾ ਹੈ। ਇਸ ਲਈ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਦਿੱਲੀ ਮੋਰਚੇ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਹੈ। ਸਿਰਸਾ ਨੇ ਕਿਹਾ ਕਿ ਅਸੀਂ ਬਹੁਤ ਸ਼ਾਂਤਮਈ ਤਰੀਕੇ ਨਾਲ ਅੰਦੋਲਨ ਸ਼ੁਰੂ ਕਰ ਰਹੇ ਹਾਂ। ਅਸੀਂ ਪਹਿਲਾਂ ਵੀ ਇੱਕ ਮਿਸਾਲ ਕਾਇਮ ਕਰ ਚੁੱਕੇ ਹੈ ਜਿਸ ਵਿੱਚ 13 ਮਹੀਨੇ ਦਿੱਲੀ ਦੇ ਬਾਰਡਰਾਂ ਉੱਤੇ ਸ਼ਾਂਤਮਈ ਮੋਰਚਾ ਚੱਲਿਆ ਸੀ। ਹੁਣ ਅਰਦਾਸ ਕਰਕੇ ਸਾਰਿਆਂ ਨੇ ਬਾਰਡਰਾਂ ਤੇ ਚਲਿਆ ਜਾਣਾ ਹੈ। ਇਸ ਦੌਰਾਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੇ ਆਗੂ ਸਰਵਣ ਸਿੰਘ ਪੰਧੇਰ ਨੇ ਕਿਹਾ ਕਿ ਕਿਸਾਨ ਸ਼ਾਂਤਮਈ ਪ੍ਰਦਰਸ਼ਨ ਲਈ ਜਾ ਰਹੇ ਹਨ। ਇਹ ਉਨ੍ਹਾਂ ਦਾ ਅਧਿਕਾਰ ਹੈ। ਜੇਕਰ ਕੋਈ ਘਟਨਾ ਵਾਪਰਦੀ ਹੈ ਤਾਂ ਇਸ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਕਿਸਾਨ ਦੇ ਟਰੈਕਟਰ ਕਦੇ ਕਿਸੇ ਦੀ ਜਾਨ ਨਹੀਂ ਲੈਂਦਾ। ਜਾਨ ਹਮੇਸ਼ਾ ਸਰਕਾਰਾਂ ਦੇ ਬੈਰੀਕੇਡ ਲੈਂਦੇ ਹਨ। ਉਨ੍ਹਾਂ ਨੇ ਕਿਹਾ ਕਿ ਅੰਮ੍ਰਿਤਸਰ ਤੇ ਆਸ-ਪਾਸ ਦੇ ਇਲਾਕਿਆਂ ਦੇ ਕਿਸਾਨ ਫਤਿਹਗੜ੍ਹ ਸਾਹਿਬ ਵਿਖੇ ਇਕੱਠੇ ਹੋਣਗੇ। 13 ਫਰਵਰੀ ਨੂੰ ਪੰਜਾਬ ਦੇ ਕਿਸਾਨ ਫਤਿਹਗੜ੍ਹ ਸਾਹਿਬ ਤੋਂ ਦਿੱਲੀ ਜਾਣਗੇ। ਉਨ੍ਹਾਂ ਨੇ ਕਿਹਾ ਕਿ ਜੇਕਰ ਸਰਕਾਰ ਕਿਸਾਨਾਂ ਦੀਆਂ ਮੰਗਾਂ ਮੰਨ ਲਵੇ ਤਾਂ ਸਾਨੂੰ ਦਿੱਲੀ ਜਾਣ ਦੀ ਕੋਈ ਲੋੜ ਨਹੀਂ। ਪਿਛਲੇ ਦੋ ਸਾਲਾਂ ਤੋਂ ਸਾਡੀਆਂ ਮੰਗਾਂ ਨਹੀਂ ਮੰਨੀਆਂ ਗਈਆਂ।

## ਬਿਕਰਮ ਮਜੀਠੀਆ ਨੂੰ ਫਿਰ ਸੰਮਨ ਜਾਰੀ, ਹੁਣ 15 ਤਾਰੀਖ਼ ਨੂੰ ਕੀਤਾ ਤਲਬ

**ਪਟਿਆਲਾ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਰੋੜਾਂ ਰੁਪਏ ਦੇ ਡਰੱਗ ਤਸਕਰੀ ਮਾਮਲੇ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਐੱਸ. ਆਈ. ਟੀ.) ਨੇ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਮਜੀਠੀਆ ਨੂੰ ਪੁੱਛਗਿੱਛ ਲਈ ਦੁਬਾਰਾ ਬੁਲਾਇਆ ਹੈ। ਐੱਸ. ਆਈ. ਟੀ. ਨੇ ਉਨ੍ਹਾਂ ਨੂੰ 15 ਫਰਵਰੀ ਨੂੰ ਪੁੱਛਗਿੱਛ ਲਈ ਸੰਮਨ ਜਾਰੀ ਕੀਤੇ ਹਨ ਅਤੇ ਉਨ੍ਹਾਂ ਨੂੰ ਸਵੇਰੇ 11 ਵਜੇ ਪੇਸ਼ ਹੁਣ ਦੇ ਹੁਕਮ ਦਿੱਤੇ ਹਨ। ਦੱਸਣਯੋਗ ਹੈ ਕਿ ਪਟਿਆਲਾ ਰੇਂਜ ਦੇ ਨਵੇਂ ਡੀ. ਆਈ. ਜੀ. ਹਰਚਰਨ ਸਿੰਘ ਭੁੱਲਰ ਦੀ ਅਗਵਾਈ ਵਾਲੀ ਐੱਸ. ਆਈ. ਟੀ. ਦੂਜੀ ਵਾਰ ਉਨ੍ਹਾਂ ਤੋਂ ਪੁੱਛਗਿੱਛ ਕਰੇਗੀ। ਇਸ ਤੋਂ ਪਹਿਲਾਂ ਜਨਵਰੀ 'ਚ ਵੀ ਉਨ੍ਹਾਂ ਤੋਂ ਸਵਾਲ-ਜਵਾਬ ਕੀਤੇ ਗਏ ਸਨ। ਦੱਸਣਯੋਗ ਹੈ ਕਿ ਬਹੁ-ਕਰੋੜੀ ਡਰੱਗ ਰੈਕਟ ਮਾਮਲੇ 'ਚ ਉਸ ਸਮੇਂ ਦੇ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਸਰਕਾਰ ਨੇ 20 ਦਸੰਬਰ, 2021 ਨੂੰ ਬਿਕਰਮ ਸਿੰਘ ਮਜੀਠੀਆ ਨੂੰ ਇਸ ਕੇਸ 'ਚ ਨਾਮਜ਼ਦ ਕੀਤਾ ਸੀ। ਇਸ ਤੋਂ ਬਾਅਦ ਵਿਧਾਨ ਸਭਾ ਚੋਣਾਂ ਆਈਆਂ ਅਤੇ ਚੋਣਾਂ ਤੋਂ ਬਾਅਦ ਬਿਕਰਮ ਸਿੰਘ ਮਜੀਠੀਆ ਨੇ ਖ਼ੁਦ ਨੂੰ ਸਰੰਡਰ ਕਰ ਦਿੱਤਾ ਸੀ। ਇਸ ਮਾਮਲੇ 'ਚ ਉਹ ਕਰੀਬ 5 ਮਹੀਨੇ ਕੇਂਦਰੀ ਜੇਲ੍ਹ ਪਟਿਆਲਾ 'ਚ ਰਹੇ। ਹੁਣ ਉਹ ਜ਼ਮਾਨਤ 'ਤੇ ਹਨ ਪਰ ਆਮ ਆਦਮੀ ਪਾਰਟੀ ਨੇ ਬਿਕਰਮ ਸਿੰਘ ਮਜੀਠੀਆ ਤੋਂ ਐੱਸ. ਆਈ. ਟੀ. ਦਾ ਗਠਨ ਕਰ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ।



## ਕਿਸਾਨ ਅੰਦੋਲਨ ਕਾਰਨ ਰਾਜਸਥਾਨ ਦੇ 3 ਜ਼ਿਲ੍ਹਿਆਂ 'ਚ ਧਾਰਾ 144 ਲਾਗੂ

**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਕਿਸਾਨ ਅੰਦੋਲਨ ਕਾਰਨ ਰਾਜਸਥਾਨ ਨਾਲ ਲੱਗਦੇ ਹਰਿਆਣਾ-ਪੰਜਾਬ ਬਾਰਡਰ ਦੀਆਂ ਸਰਹੱਦਾਂ ਨੂੰ ਸੀਲ ਕਰ ਦਿੱਤਾ ਗਿਆ ਹੈ। ਦੱਸਣਯੋਗ ਹੈ ਕਿ 13 ਫਰਵਰੀ ਨੂੰ ਪੰਜਾਬ ਅਤੇ ਹਰਿਆਣਾ ਦੇ ਕਿਸਾਨ ਇਕ ਵਾਰ ਮੁੜ ਦਿੱਲੀ ਕੂਚ ਕਰ ਰਹੇ ਹਨ। ਜਿਸ ਕਾਰਨ ਗੰਗਾਨਗਰ, ਹਨੂੰਮਾਨਗੜ੍ਹ ਅਤੇ ਅਨੂਪਗੜ੍ਹ 'ਚ ਧਾਰਾ 144 ਲਾਗੂ ਕਰ ਦਿੱਤੀ ਗਈ ਹੈ। ਇਸ ਦੌਰਾਨ ਸੰਬੰਧਤ ਰੂਟ ਨੂੰ ਲੈ ਕੇ ਪ੍ਰਸ਼ਾਸਨ ਨੇ ਨਵੇਂ ਨਿਰਦੇਸ਼ ਜਾਰੀ ਕੀਤੇ ਹਨ। ਇਸ ਕਿਸਾਨ ਅੰਦੋਲਨ ਦਾ ਅਸਰ ਰਾਜਸਥਾਨ 'ਚ ਵੀ ਸਾਫ਼ ਤੌਰ 'ਤੇ ਦੇਖਿਆ ਜਾ ਸਕਦਾ ਹੈ। ਇੱਥੇ ਜਾਣ ਵਾਲੇ ਵਾਹਨਾਂ ਲਈ ਵੱਖ ਤੋਂ ਆਵਾਜਾਈ ਰੂਟ ਵੀ ਬਣਾਇਆ ਗਿਆ ਹੈ। ਇਸ ਰੂਟ ਨਾਲ ਯਾਤਰਾ ਕਰ ਕੇ ਪੰਜਾਬ ਅਤੇ ਹਰਿਆਣਾ ਰਾਜ 'ਚ ਜ਼ਰੂਰੀ ਕੰਮ ਹੋਣ 'ਤੇ ਹੀ ਲੋਕ ਜਾ ਸਕਦੇ ਹਨ। ਦੱਸਣਯੋਗ ਹੈ ਕਿ ਕਿਸਾਨਾਂ ਨੇ ਘੱਟੋ-ਘੱਟ ਸਮਰਥਨ ਮੁੱਲ ਲਈ ਕਾਨੂੰਨੀ ਗਾਰੰਟੀ, ਸਵਾਮੀਨਾਥਨ ਆਯੋਗ ਦੀਆਂ ਸਿਫਾਰਿਸ਼ਾਂ ਲਾਗੂ ਕਰਨ ਸਮੇਤ ਹੋਰ ਮੰਗਾਂ ਨੂੰ ਲੈ ਕੇ ਦਿੱਲੀ ਕੂਚ ਦਾ ਐਲਾਨ ਕੀਤਾ ਹੈ। ਜਿਸ ਨੂੰ ਲੈ ਕੇ ਕੇਂਦਰ ਸਰਕਾਰ ਅਲਰਟ ਮੋਡ 'ਤੇ ਹੈ। ਰਾਜਸਥਾਨ 'ਚ ਭਾਜਪਾ ਸਰਕਾਰ ਵੀ ਅੰਦੋਲਨ ਨੂੰ ਲੈ ਕੇ ਸਰਗਰਮ ਹੋ ਗਈ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor
Raghbir Singh Walsal
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਵੱਡੇ-ਵੱਡੇ ਕਿੱਲ ਤੇ ਕੰਡਿਆਲੀਆਂ ਤਾਰਾਂ ਲਾ ਕੇ ਇੰਡੀਆ ਤੇ ਪੰਜਾਬ ਦਾ ਬਾਰਡਰ ਨਾ ਬਣਾਓ, ਸੀਐਮ ਮਾਨ ਦੀ ਕੇਂਦਰ ਨੂੰ ਚੇਤਾਵਨੀ

**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਮਾਨ ਨੇ ਕਿਸਾਨਾਂ ਦੇ ਦਿੱਲੀ ਕੂਚ ਤੋਂ ਪਹਿਲਾਂ ਕੇਂਦਰ ਸਰਕਾਰ ਨੂੰ ਚੇਤਾਵਨੀ ਦਿੱਤੀ ਹੈ। ਉਨ੍ਹਾਂ ਨੇ ਕਿਹਾ ਹੈ ਕਿ ਵੱਡੇ-ਵੱਡੇ ਕਿੱਲ ਤੇ ਕੰਡਿਆਲੀਆਂ ਤਾਰਾਂ ਲਾ ਕੇ ਇੰਡੀਆ ਤੇ ਪੰਜਾਬ ਦਾ ਬਾਰਡਰ ਨਾ ਬਣਾਓ ਸਗੋਂ ਕਿਸਾਨਾਂ ਦੀਆਂ ਮੰਗਾਂ ਮੰਨ ਲਵੋ। ਸੀਐਮ ਮਾਨ ਨੇ ਕੇਂਦਰ ਸਰਕਾਰ ਉਪਰ ਹੱਲਾ ਬੋਲਦਿਆਂ ਕਿਹਾ ਕਿ ਪੰਜਾਬ ਦਾ ਕਿਸਾਨ ਦੇਸ਼ ਦਾ ਢਿੱਡ ਭਰਦਾ ਹੈ। ਸਾਡੇ ਨਾਲ ਇੰਨੀ ਨਫ਼ਰਤ ਨਾ ਕਰੋ। ਸੀਐਮ ਭਗਵੰਤ ਮਾਨ ਨੇ ਸੋਸ਼ਲ ਮੀਡੀਆ ਉਪਰ ਲਿਖਿਆ....ਮੇਰੀ ਕੇਂਦਰ ਸਰਕਾਰ ਨੂੰ ਬੇਨਤੀ ਹੈ ਕਿ ਕਿਸਾਨਾਂ ਨਾਲ ਬੈਠ ਕੇ ਗੱਲ ਕਰ ਲਓ...ਉਨ੍ਹਾਂ ਦੀਆਂ ਜਾਇਜ਼ ਮੰਗਾਂ ਮੰਨ ਲਓ...ਪੰਜਾਬ ਦਾ ਕਿਸਾਨ ਦੇਸ਼ ਦਾ ਢਿੱਡ ਭਰਦਾ ਹੈ...ਸਾਡੇ ਨਾਲ ਇੰਨੀ ਨਫ਼ਰਤ ਨਾ ਕਰੋ...ਵੱਡੇ-ਵੱਡੇ ਕਿੱਲ ਤੇ ਕੰਡਿਆਲੀਆਂ ਤਾਰਾਂ ਲੱਗਾ ਕੇ ਤੁਸੀਂ ਇੰਡੀਆ ਤੇ ਪੰਜਾਬ ਦਾ ਬਾਰਡਰ ਨਾ ਬਣਾਓ... ਦੱਸ ਦਈਏ ਕਿ ਕਿਸਾਨ ਜਥੇਬੰਦੀਆਂ ਵੱਲੋਂ ਮੁੜ ਦਿੱਲੀ ਘੇਰਨ ਦਾ ਐਲਾਨ ਕਰਨ ਮਗਰੋਂ ਦੇਸ਼ ਵਿੱਚ ਸਿਆਸੀ ਹਲਚਲ ਵਧ ਗਈ ਹੈ। ਇੱਕ ਪਾਸੇ ਵਿਰੋਧੀ ਧਿਰਾਂ ਨੇ ਮੁੜ ਕੇਂਦਰ ਸਰਕਾਰ ਨੂੰ ਘੇਰਨਾ ਸ਼ੁਰੂ ਕਰ ਦਿੱਤਾ ਹੈ, ਉੱਥੇ ਹੀ ਕਿਸਾਨਾਂ ਨੇ ਦਿੱਲੀ ਕੂਚ ਲਈ ਜੰਗੀ ਪੱਧਰ 'ਤੇ ਤਿਆਰੀ ਕੀਤੀ ਹੈ। ਪੰਜਾਬ ਤੇ ਹਰਿਆਣਾ ਦੀਆਂ 26 ਕਿਸਾਨ ਜਥੇਬੰਦੀਆਂ 13 ਫਰਵਰੀ ਨੂੰ ਦਿੱਲੀ ਵੱਲ ਕੂਚ ਕਰ ਰਹੀਆਂ ਹਨ। ਖੁਫੀਆ ਰਿਪੋਰਟਾਂ ਅਨੁਸਾਰ ਕਿਸਾਨਾਂ ਨੇ ਦਿੱਲੀ ਮਾਰਚ ਲਈ ਵਿਸ਼ੇਸ਼ ਕਿਸਮ ਦੇ ਟਰੈਕਟਰ ਤਿਆਰ ਕੀਤੇ ਹਨ। ਇਨ੍ਹਾਂ ਟਰੈਕਟਰਾਂ ਵਿੱਚ ਹਾਈਡ੍ਰੌਲਿਕਸ ਲਾਏ ਗਏ ਹਨ ਜੋ ਬੈਰੀਕੇਡਾਂ ਤੇ ਪੱਥਰਾਂ ਨੂੰ ਹਟਾਉਣ ਦੇ ਸਮਰੱਥ ਹਨ। ਪੰਜਾਬ, ਉੱਤਰ ਪ੍ਰਦੇਸ਼, ਹਰਿਆਣਾ ਤੇ ਦਿੱਲੀ ਦੀਆਂ ਸਰਕਾਰਾਂ ਨੂੰ ਸੁਚੇਤ ਕਰਦਿਆਂ ਏਜੰਸੀਆਂ ਨੇ ਕਿਹਾ ਹੈ ਕਿ ਦਿੱਲੀ ਮਾਰਚ ਤਹਿਤ ਪੰਜਾਬ ਤੇ ਹਰਿਆਣਾ ਦੇ ਵੱਖ-ਵੱਖ ਥਾਵਾਂ ਤੋਂ 5000 ਟਰੈਕਟਰਾਂ ਨਾਲ 25 ਹਜ਼ਾਰ ਤੋਂ ਵੱਧ ਕਿਸਾਨ ਇੱਕੋ ਸਮੇਂ ਨਿਕਲਣਗੇ। ਇਸੇ ਦੌਰਾਨ ਅੱਜ ਕੇਂਦਰੀ ਮੰਤਰੀਆਂ ਤੇ ਕਿਸਾਨ ਆਗੂਆਂ ਵਿਚਾਲੇ ਅਹਿਮ ਮੀਟਿੰਗ ਹੋਵੇਗੀ। ਇਸ ਮੀਟਿੰਗ ਦਾ ਦੂਜਾ ਦੌਰ ਮਹਾਤਮਾ ਗਾਂਧੀ ਸਟੇਟ ਇੰਸਟੀਚਿਊਟ ਆਫ ਪਬਲਿਕ ਐਡਮਿਨਿਸਟ੍ਰੇਸ਼ਨ, ਸੈਕਟਰ-26 ਚੰਡੀਗੜ੍ਹ ਵਿਖੇ ਸ਼ਾਮ 5 ਵਜੇ ਹੋਵੇਗਾ। ਕੇਂਦਰ ਸਰਕਾਰ ਦੀ ਤਰਫੋਂ ਕੇਂਦਰੀ ਮੰਤਰੀ ਅਰਜੁਨ ਮੁੰਡਾ, ਪਿਊਸ਼ ਗੋਇਲ ਤੇ ਨਿਤਿਆਨੰਦ ਰਾਏ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ 10 ਨੁਮਾਇੰਦੇ ਮੀਟਿੰਗ ਵਿੱਚ ਸ਼ਾਮਲ ਹੋਣਗੇ।



ਸਰੀਰ ਦਾ ਮਰ ਜਾਣਾ ਮੌਤ ਨਹੀਂ,
ਜ਼ਮੀਰ ਦਾ ਮਰ ਜਾਣਾ ਯਕੀਨਨ ਮੌਤ ਹੈ
-ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



# ਭਾਈ ਦੀਪ ਸਿੰਘ ਸਿੱਧੂ ਦੀ ਬਰਸੀ ਮੌਕੇ ਸ਼ਰਧਾਂਜਲੀ ਭੇਂਟ ਕਰਦੇ ਹਾਂ


ਭਾਈ ਸਮਸ਼ੇਰ ਸਿੰਘ ਭੰਗੂ


ਪ੍ਰਿਤਪਾਲ ਸਿੰਘ ਮਹਿਮਾਂ


ਅਮ੍ਰਿਤਪਾਲ ਸਿੰਘ ਯੂ ਐਸ ਏ


ਰਣਬੀਰ ਸਿੰਘ ਭੰਗੂ


ਨਿਸ਼ਾਨ ਸਿੰਘ ਸਰਪੰਚ


ਗੁਰਪ੍ਰਤਾਪ ਸਿੰਘ ਕਨੇਡਾ


ਗੁਰਜੰਟ ਸਿੰਘ ਨਾਗੋਕੇ


ਪ੍ਰਗਟ ਸਿੰਘ ਯੂ ਕੇ


ਇਕਬਾਲਪ੍ਰੀਤ ਸਿੰਘ ਯੂ ਐਸ ਏ


ਗੁਰਚੇਤ ਸਿੰਘ ਯੂ ਐਸ ਏ


ਕਰਮਜੀਤ ਸਿੰਘ ਪੁਰਤਗਾਲ


ਹਰਵਿੰਦਰ ਸਿੰਘ ਪੁਰਤਗਾਲ


ਜਗਰਾਜ ਸਿੰਘ ਘੁੰਮਣ


ਹਰਵਿੰਦਰ ਸਿੰਘ


ਨਿਸ਼ਾਨ ਸਿੰਘ ਯੂ ਐਸ ਏ




ਕੌਮੀ ਯੋਧੇ ਭਾਈ ਦੀਪ ਸਿੰਘ ਸਿੱਧੂ ਨੂੰ ਓਨਾ ਦੀ ਦੂਜੀ ਬਰਸੀ ਮੌਕੇ ਸ਼ਰਧਾ ਦੇ ਫੁੱਲ ਭੇਂਟ ਕਰਦੇ ਹਾਂ ਜੀ, ਕੌਮ ਵਿੱਚ ਭਾਈ ਸਾਬ ਵਲੋਂ ਲਿਆਂਦੀ ਜਾਗ੍ਰਿਤੀ ਸਿੱਖ ਇਤਿਹਾਸ ਵਿੱਚ ਨਵੀਆਂ ਪੈੜਾਂ ਪਾ ਦਿੱਤੀਆਂ ਹਨ


ਬਿਕਰਮਜੀਤ ਸਿੰਘ ਵੈਲੀ ਸਕੂਲ

--✶ ਗੁਰੂ ਪੰਥ ਦੇ ਦਾਸ ✶--

## ਜੱਥੇਦਾਰ ਸੁਰਿੰਦਰ ਸਿੰਘ ਠੀਕਰੀਵਾਲ
## ਮੁਖ ਸੇਵਾਦਾਰ ਜੱਥਾ ਠੀਕਰੀਵਾਲ




# ਅਕਾਲੀ-ਭਾਜਪਾ ਗੱਠਜੋੜ ਨੂੰ ਲੈ ਕੇ ਗੱਲਬਾਤ ਰੁਕੀ

**ਚੰਡੀਗੜ੍ਹ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਅਕਾਲੀ ਦਲ ਅਤੇ ਭਾਜਪਾ ਵਿਚਾਲੇ ਗੱਠਜੋੜ ਨੂੰ ਲੈ ਕੇ ਚੱਲ ਰਹੀ ਹੈ ਗੱਲਬਾਤ ਰੁਕ ਗਈ ਹੈ। ਸੂਤਰਾਂ ਮੁਤਾਬਕ ਸੀਟਾਂ ਦੀ ਵੰਡ ਲੈ ਕੇ ਦੋਵੇਂ ਧਿਰਾਂ ਵਿਚਾਲੇ ਅੜਿੱਕਾ ਖੜ੍ਹਾ ਹੋ ਗਿਆ ਹੈ ਜਿਸ ਤੋਂ ਬਾਅਦ ਗੱਠਜੋੜ ਦੀ ਗੱਲਬਾਤ ਅਸਫਲ ਹੋ ਗਈ ਹੈ। ਪੰਜਾਬ ਵਿਚ ਆਮ ਆਦਮੀ ਪਾਰਟੀ ਅਤੇ ਕਾਂਗਰਸ ਇਕ ਸਾਥ ਚੋਣਾਂ ਨਾ ਲੜਨ ਦੇ ਐਲਾਨ ਤੋਂ ਬਾਅਦ ਭਾਜਪਾ ਨੇ ਆਪਣੀ ਰਣਨੀਤੀ ਬਦਲ ਲਈ ਹੈ। ਸੂਤਰ ਦੱਸਦੇ ਹਨ ਕਿ ਅਕਾਲੀ ਦਲ ਵਲੋਂ ਕਿਸਾਨ ਅੰਦੋਲਨ, ਸਿੱਖ ਕੈਦੀਆਂ ਦੀ ਰਿਹਾਈ ਦੇ ਮਾਮਲਿਆਂ ਨੂੰ ਲੈ ਕੇ ਵੀ ਭਾਜਪਾ ’ਤੇ ਦਬਾਅ ਬਣਾਇਆ ਜਾ ਰਿਹਾ ਸੀ। ਨਾਲ ਹੀ ਪੰਜਾਬ ਦੀ ਭਾਜਪਾ ਲੀਡਰਸ਼ਿਪ ਨਾਲ ਗੱਠਜੋੜ ਦੇ ਹੱਕ ਵਿਚ ਨਹੀਂ ਸੀ। ਦੱਸ ਦੇਈਏ ਕਿ ਕੇਂਦਰ ਸਰਕਾਰ ਜਦੋਂ ਕਿਸਾਨਾਂ ਲਈ ਨਵੇਂ ਖੇਤੀ ਕਾਨੂੰਨ ਲੈ ਕੇ ਆਈ ਸੀ, ਉਸ ਦੇ ਵਿਰੋਧ ਵਿਚ ਅਕਾਲੀ ਦਲ ਨੇ ਐੱਨ. ਡੀ. ਏ. ਤੋਂ ਤੋੜ-ਵਿਛੋੜ ਕਰ ਲਿਆ ਸੀ। ਇਸ ਤੋਂ ਬਾਅਦ ਅਕਾਲੀ ਦਲ ਨੇ ਬਸਪਾ ਨਾਲ ਮਿਲ ਕੇ ਪੰਜਾਬ ਵਿਧਾਨ ਸਭਾ ਚੋਣਾਂ ਲੜੀਆਂ ਸਨ। ਦੂਜੇ ਪਾਸੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਗੱਠਜੋੜ ਅਜੇ ਤੱਕ ਬਹੁਜਨ ਸਮਾਜ ਪਾਰਟੀ ਨਾਲ ਹੀ ਹੈ, ਭਾਜਪਾ ਨਾਲ ਗੱਠਜੋੜ ਬਾਰੇ ਅਤੇ ਸੰਭਾਵਨਾਵਾਂ ਬਾਰੇ ਮੈਨੂੰ ਮੀਡੀਆ ਤੋਂ ਹੀ ਪਤਾ ਲੱਗ ਰਿਹਾ ਹੈ।





ਅਕਾਲੀ ਦਲ ਦੇ ਸੂਤਰਾਂ ਮੁਤਾਬਕ ਭਾਜਪਾ ਪੰਜਾਬ ਦੀਆਂ 13 ਲੋਕ ਸਭਾ ਸੀਟਾਂ ਤੋਂ 6 ਸੀਟਾਂ ’ਤੇ ਚੋਣ ਲੜਨ ਦੀ ਮੰਗ ਕਰ ਰਹੀ ਹੈ ਜਦਕਿ ਅਕਾਲੀ ਦਲ ਇੰਨੀਆਂ ਸੀਟਾਂ ਦੇਣ ਨੂੰ ਤਿਆਰ ਨਹੀਂ ਹੈ। ਅਕਾਲੀ ਦਲ ਜਦੋਂ ਐੱਨ. ਡੀ. ਏ. ਦਾ ਹਿੱਸਾ ਸੀ ਤਾਂ ਉਹ 10 ਸੀਟਾਂ ’ਤੇ ਚੋਣ ਲੜਦਾ ਸੀ ਅਤੇ ਭਾਜਪਾ 3 ਸੀਟਾਂ ’ਤੇ ਚੋਣ ਲੜਦੀ ਸੀ। ਇਸ ਸਮੇਂ ਪੰਜਾਬ ਵਿਚ ਅਕਾਲੀ ਦਲ ਅਤੇ ਬਸਪਾ ਦਾ ਗੱਠਜੋੜ ਹੈ। ਕਿਹਾ ਜਾ ਰਿਹਾ ਹੈ ਕਿ ਉਹ ਇਸ ਗੱਠਜੋੜ ਨੂੰ ਤੋੜਨਾ ਨਹੀਂ ਚਾਹੁੰਦੇ ਕਿਉਂਕਿ ਬਸਪਾ ਦਾ ਪੰਜਾਬ ਵਿਚ ਚੰਗਾ ਆਧਾਰ ਹੈ। ਉਥੇ ਹੀ ਸੁਖਦੇਵ ਸਿੰਘ ਢੀਂਡਸਾ ਦੇ ਧੜੇ ਨੂੰ ਵੀ ਅਕਾਲੀ ਦਲ ਵਿਚ ਸ਼ਾਮਲ ਹੋਣ ਦੀ ਗੱਲ ਚੱਲ ਰਹੀ ਹੈ। ਅਕਾਲੀ ਆਗੂਆਂ ਦਾ ਦੋਸ਼ ਹੈ ਕਿ ਭਾਜਪਾ ਨੇ ਪੰਜਾਬ ਵਿਚ ਅਕਾਲੀ ਦਲ ਨੂੰ ਕਮਜ਼ੋਰ ਕਰਨ ਦੀਆਂ ਵੀ ਕੋਸ਼ਿਸ਼ਾਂ ਕੀਤੀਆਂ ਹਨ। ਭਾਜਪਾ ਨੇ ਅਕਾਲੀ ਦਲ ਦੇ ਨਰਾਜ਼ ਲੀਡਰਾਂ ਨੂੰ ਆਪਣੀ ਪਾਰਟੀ ਵਿਚ ਸ਼ਾਮਲ ਕਰਵਾਇਆ ਤਾਂ ਜੋ ਅਕਾਲੀ ਦਾ ਵੋਟ ਬੈਂਕ ਭਾਜਪਾ ਵੱਲ ਟ੍ਰਾਂਸਫਰ ਹੋ ਸਕੇ। ਜਲੰਧਰ ਲੋਕ ਸਭਾ ਜ਼ਿਮਨੀ ਚੋਣ ਵਿਚ ਵੀ ਭਾਜਪਾ ਨੇ ਚਰਨਜੀਤ ਸਿੰਘ ਅਟਵਾਲ ਦੇ ਬੇਟੇ ਇੰਦਰ ਸਿੰਘ ਅਟਵਾਲ ਨੂੰ ਆਪਣਾ ਉਮੀਦਵਾਰ ਬਣਾਇਆ ਸੀ, ਜਿਸ ਵਿਚ ਉਨ੍ਹਾਂ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ।







ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ॥
ਦੁਸਹਿਰਾ ਸਮਾਗਮ
ਦਮਦਮੀ ਟਕਸਾਲ ਦੇ ਮੁਖੀ
ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਦੇ
ਸਤਿਕਾਰਯੋਗ ਮਾਮਾ ਜੀ ਅਤੇ ਸਾਡੇ ਤਾਇਆ ਜੀ
ਸਰਦਾਰ ਕਰਨੈਲ ਸਿੰਘ ਜੀ ਪੰਜੋਖਰਾ ਸਹਿਬ ਵਾਲਿਆਂ
ਦਾ ਦੁਸਹਿਰਾ ਸਮਾਗਮ
ਗੁ: ਸ਼੍ਰੀ ਪੰਜੋਖਰਾ ਸਹਿਬ
13 ਫਰਵਰੀ 2024, ਮੰਗਲਵਾਰ
ਸਵੇਰ 11:00 ਤੋਂ 01:00
ਬੇਨਤੀ ਕਰਤਾ:- ਸਮੂਹ ਪਰਿਵਾਰ
ਸੰਪਰਕ:- 9896813568, 9416931156


ਪਤਿਓ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ
Learn Gatka
www.damdamitaksal.net


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਦੇਗ ਤੇਗ ਫਤਹਿ॥ ਸ੍ਰੀ ਵਾਹਿਗੁਰੂ ਜੀ ਕੀ ਫਤਹਿ॥ ਪੰਥ ਕੀ ਜੀਤ॥

ਧੰਨ-ਧੰਨ 108

# ਸ਼੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦਾ ਜਨਮ ਦਿਹਾੜਾ

# ਮਿਤੀ 16, 17, 18 ਫ਼ਰਵਰੀ 2024 ਨੂੰ

ਗੁਰਦਵਾਰਾ ਸਾਹਿਬ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਵਿਖੇ ਮਨਾਇਆ ਜਾ ਰਿਹਾ ਹੈ।



## ਵਿਸ਼ੇਸ਼ ਪ੍ਰੋਗਰਾਮ:

16-2-2024 ਦਿਨ ਸ਼ੁਕਰਵਾਰ

ਅਰੰਭ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ 11 ਵਜੇ ਸਵੇਰੇ।

18-2-2024 ਦਿਨ ਐਤਵਾਰ

ਭੋਗ ਸ੍ਰੀ ਅਖੰਡ ਪਾਠ ਸਾਹਿਬ ਜੀ 10 ਵਜੇ ਸਵੇਰੇ।

16-17 ਫ਼ਰਵਰੀ ਨੂੰ 7 ਤੋਂ 8 ਵਜੇ ਤਕ ਸ਼ਾਮ ਦੇ ਦੀਵਾਨ ਸਜਣਗੇ

ਭੋਗ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ ਜਿਸ ਵਿਚ ਬੁਲਾਰੇ ਅਤੇ ਹੋਰ ਗੁਣੀ ਗਿਆਨੀ ਸੰਗਤਾਂ ਨੂੰ ਵਾਰਾਂ ਰਾਹੀਂ ਨਿਹਾਲ ਕਰਨਗੇ।

ਇਸ ਮੌਕੇ ਗੁਰੂ ਕਾ ਲੰਗਰ ਤਿੰਨੋ ਦਿਨ ਅਤੁੱਟ ਵਰਤੇਗਾ।

ਸਮੂਹ ਸੰਗਤ ਜੀ ਦੇ ਚਰਨਾਂ ਵਿਚ ਬੇਨਤੀ ਹੈ ਕਿ ਇਸ ਧਾਰਮਿਕ ਸਮਾਗਮ ਵਿਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

**ਵਲੋਂ:-** ਸਮੂਹ ਸੰਗਤ ਅਤੇ ਨਗਰ ਨਿਵਾਸੀ ਪਿੰਡ ਬੱਲੋਵਾਲ (ਸ਼ਹੀਦ ਭਗਤ ਸਿੰਘ ਨਗਰ) ਅਤੇ ਗੁਰਦਵਾਰਾ ਬਾਬਾ ਸੰਗ ਜੀ ਸਮੈਦਿਕ (ਬਰਮਿੰਘਮ) ਦੀ ਪ੍ਰਬੰਧਕ ਕਮੇਟੀ।

## Gurdwara Baba Sang Ji

7-9 St. Pauls Road, Smethwick, Birmingham, West Midlands B66 1EE Tel: 0121 558 2681


ਗੁਰੂਘਰ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ ਦੀ ਯਾਦ ਨੂੰ ਸਮਰਪਿਤ
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਮਹਾਨ ਸਿੱਖ ਭਾਈ ਮਰਦਾਨਾ ਜੀ
ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਦੀ ਸੁਚੱਜੀ ਦੇਖ ਰੇਖ ਹੇਠ
ਸਲਾਨਾ ਗੁਰਮਤਿ ਸਮਾਗਮ
21 ਲੋੜਵੰਦ ਪ੍ਰੀਵਾਰਾਂ ਦੀਆਂ ਲੜਕੀਆਂ ਦੇ ਵਿਆਹ
ਸਥਾਨ: ਗੁਰਦੁਆਰਾ ਸ਼੍ਰੀ ਗੁਰੂ ਗ੍ਰੰਥਸਰ ਦਾਦੂ ਸਾਹਿਬ ਨੇੜੇ ਕਾਲਾਂਵਾਲੀ ਮੰਡੀ, ਜ਼ਿਲ੍ਹਾ ਸਿਰਸਾ (ਹਰਿਆਣਾ) ਵਿਖੇ
ਅਨੰਦ ਕਾਰਜ ਅਤੇ ਗੁਰਮਤਿ ਸਮਾਗਮ
ਮਿਤੀ 18 ਫਰਵਰੀ 2024
ਸਵੇਰੇ 10 ਤੋਂ ਸ਼ਾਮ 3 ਵਜੇ ਤੱਕ
ਸਭਾਗੀਆਂ 21 ਬੱਚੀਆਂ ਨੂੰ ਘਰ ਦੇ ਵਰਤੋਂ ਵਿਹਾਰ ਦਾ ਸਮਾਨ ਦੇ ਕੇ ਵਿਦਾ ਕੀਤਾ ਜਾਵੇਗਾ
ਆਵਾਜ਼ਿ ਕੌਮ AWAZE QAUM International Newspaper & WEB TV
ਸਤਿਕਾਰਯੋਗ ਸੰਤ ਮਹਾਂਪੁਰਖ ਸਮਾਗਮ ਵਿੱਚ 21 ਸੁਭਾਗੇ ਜੋੜਿਆਂ ਨੂੰ ਅਸ਼ੀਰਵਾਦ ਦੇਣਗੇ
ਬਾਬਾ ਜਗਤਾਰ ਸਿੰਘ ਸਿਰਸਾ ਕਾਰ ਸੇਵਾ ਵਾਲੇ
ਬਾਬਾ ਅਮਰੀਕ ਸਿੰਘ ਕਾਰ ਸੇਵਾ ਪਟਿਆਲਾ ਵਾਲੇ
ਸੰਤ ਰਜਿੰਦਰ ਸਿੰਘ ਇਸਰਾਣਾ ਸਾਹਿਬ ਵਾਲੇ
ਸੰਤ ਸੁੱਖਾ ਸਿੰਘ ਮੁਖੀ ਸੰਪਰਦਾਇ ਸਰਹਾਲੀ ਸਾਹਿਬ
ਸੰਤ ਕਾਹਨ ਸਿੰਘ ਸੇਵਾਪੰਥੀ ਗੋਨਿਆਣਾ ਵਾਲੇ
ਸੰਤ ਹਾਕਮ ਸਿੰਘ ਸਰਹਾਲੀ ਸਾਹਿਬ ਵਾਲੇ
ਸੰਤ ਸੁੱਖਾ ਸਿੰਘ ਕਾਰ ਸੇਵਾ ਕਰਨਾਲ ਵਾਲੇ
ਸੰਤ ਮਨਮੋਹਨ ਸਿੰਘ ਬਾਰਨ ਵਾਲੇ
ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ ਸ੍ਰੋਮਣੀ ਪੰਥ ਅਕਾਲੀ ਬੁੱਢਾ ਦਲ
ਸੰਤ ਹਰੀ ਸਿੰਘ ਨਾਨਕਸਰ ਜੀਰੇ ਵਾਲੇ
ਸੰਤ ਪ੍ਰੀਤਮ ਸਿੰਘ ਰਾਜਪੁਰਾ ਵਾਲੇ
ਸੰਤ ਰਣਜੀਤ ਸਿੰਘ ਸੇਵਾਪੰਥੀ ਕਲਾਨੌਰ ਵਾਲੇ
ਸੰਤਰੇਨ ਬਾਬਾ ਲਖਬੀਰ ਸਿੰਘ ਲਲੌਡੇ ਵਾਲੇ
ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਵਾਲੇ
ਬਾਬਾ ਭਗਵੰਤ ਸਿੰਘ ਢੀਂਡਸੇ ਵਾਲੇ
ਬਾਬਾ ਗੁਲਾਬ ਸਿੰਘ ਚਮਕੌਰ ਸਾਹਿਬ ਵਾਲੇ
ਬਾਬਾ ਗੁਰਪਾਲ ਸਿੰਘ ਚੋਰਮਾਰ ਵਾਲੇ
ਸੰਤ ਗੁਰਪਾਲ ਸਿੰਘ 18 ਐਫ ਰਾਜਸਥਾਨ ਵਾਲੇ
ਬਾਬਾ ਹਰਜਿੰਦਰ ਸਿੰਘ ਬਲਾਚੌਰ ਵਾਲੇ
ਸੰਤ ਸੁਖਦੇਵ ਸਿੰਘ ਨਾਨਕਸਰ ਪਟਿਆਲਾ ਵਾਲੇ
ਬਾਬਾ ਲਾਲ ਸਿੰਘ ਭੀਖੀ ਵਾਲੇ
ਬਾਬਾ ਜੀਵਨ ਸਿੰਘ ਚੁਨਾਗਰੇ ਵਾਲੇ
ਬਾਬਾ ਸੁਖਵਿੰਦਰ ਸਿੰਘ ਘੱਗਾ ਵਾਲੇ
ਬਾਬਾ ਨਾਇਬ ਸਿੰਘ ਬਹਾਦੁਰਗੜ੍ਹ ਵਾਲੇ
ਬਾਬਾ ਜਗਜੀਤ ਸਿੰਘ ਜੀ ਕਕਰਾਲੇ ਵਾਲੇ
ਬਾਬਾ ਜਗੀਰ ਸਿੰਘ ਕਾਹਨੂੰਵਾਨ ਛੰਭ ਵਾਲੇ
ਬਾਬਾ ਪ੍ਰਿਤਪਾਲ ਸਿੰਘ ਮਲੇਸ਼ੀਆ ਵਾਲੇ
ਬਾਬਾ ਗੁਰਪ੍ਰੀਤ ਸਿੰਘ ਮੋਹਲਗੜ੍ਹ ਵਾਲੇ
ਬਾਬਾ ਗੁਰਸੇਵਕ ਸਿੰਘ ਕਲਿਆਣ ਵਾਲੇ
ਬਾਬਾ ਸਰਬਜੋਤ ਸਿੰਘ ਪਟਿਆਲਾ ਵਾਲੇ
ਬਾਬਾ ਬਲਵਿੰਦਰ ਸਿੰਘ ਚਾਂਗਲੀ ਵਾਲੇ
ਬਾਬਾ ਦਰਸ਼ਨ ਸਿੰਘ ਟੌਹੜਾ ਮੁਲੇਪੁਰ ਵਾਲੇ
ਬਾਬਾ ਅਰਜਨ ਸਿੰਘ ਲਹਿਰੀ ਵਾਲੇ
ਬਾਬਾ ਕਰਤਾਰ ਸਿੰਘ ਤਿਲੋਕੇਵਾਲੇ
ਬਾਬਾ ਸਤਨਾਮ ਸਿੰਘ 34 ਸਿੰਘ ਸ਼ਹੀਦਾਂ ਵਾਲੇ
ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਚੇਅਰਮੈਨ, ਸੁੱਖ ਸੇਵਾ ਸਿਮਰਨ ਟਰੱਸਟ (ਰਜਿ) ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ: ਸੁਖ ਸੇਵਾ ਸਿਮਰਨ ਟਰੱਸਟ (ਰਜਿ.), ਪੰਥਕ ਸੇਵਾ ਲਹਿਰ ਦਾਦੂ ਸਾਹਿਬ ਜਥੇਬੰਦੀ ਅਤੇ ਸਮੂੰਹ ਸਾਧ ਸੰਗਤ ਦਾਦੂ ਸਾਹਿਬ ਸਿਰਸਾ ਹਰਿਆਣਾ | 93560-60960





## ਮਹਾਰਾਸ਼ਟਰ ਦੇ ਮੁੱਖ ਮੰਤਰੀ ਅਤੇ ਉਪ ਮੁੱਖ ਮੰਤਰੀ ਦਾ ਸਿੱਖਾਂ ਨੂੰ ਭਰੋਸਾ

# ਐਕਟ ਵਿੱਚ ਕੀਤੀਆਂ ਸੋਧਾਂ ਨੂੰ ਸਿੱਖ ਸੰਸਥਾਵਾਂ ਦੀ ਸਹਿਮਤੀ ਤੋਂ ਬਿਨਾਂ ਪਾਸ ਨਹੀਂ ਕੀਤਾ ਜਾਵੇਗਾ





**ਨਾਂਦੇੜ ਸਾਹਿਬ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)-** ਤਖ਼ਤ ਹਜ਼ੂਰ ਸਾਹਿਬ ਬੋਰਡ ਐਕਟ ਵਿੱਚ ਸੋਧ ਤੋਂ ਬਾਅਦ ਦੇਸ਼ ਭਰ ਦੇ ਸਿੱਖਾਂ ਵਿੱਚ ਗੁੱਸਾ ਹੈ। ਇਸ ਸਬੰਧੀ ਮਹਾਰਾਸ਼ਟਰ ਦੇ ਸਿੱਖਾਂ ਵੱਲੋਂ ਕੱਲ੍ਹ 11 ਤਰੀਕ ਨੂੰ ਮੁੰਬਈ ਵਿਖੇ ਸਿੰਘ ਸਭਾ ਦਾਦਰ ਵਿਖੇ ਮੀਟਿੰਗ ਕੀਤੀ ਗਈ ਅਤੇ ਅੱਜ ਸਿੱਖ ਵਫ਼ਦ ਨੇ ਮਹਾਰਾਸ਼ਟਰ ਦੇ ਮੁੱਖ ਮੰਤਰੀ ਏਕਨ.ਾਥ ਸ਼ਿੰਦੇ ਅਤੇ ਉਪ ਮੁੱਖ ਮੰਤਰੀ ਦੇਵੇਂਦਰ ਫਰਨਾਂਡੀਜ਼ ਨਾਲ ਮੁਲਾਕਾਤ ਕੀਤੀ।ਮੁੱਖ ਮੰਤਰੀ ਅਤੇ ਉਪ ਮੁੱਖ ਮੰਤਰੀ ਦੋਵਾਂ ਨੇ ਸਿੱਖਾਂ ਨੂੰ ਭਰੋਸਾ ਦਿੱਤਾ ਹੈ ਕਿ ਐਕਟ ਵਿੱਚ ਕੀਤੀਆਂ ਸੋਧਾਂ ਨੂੰ ਸਿੱਖ ਸੰਸਥਾਵਾਂ ਦੀ ਸਹਿਮਤੀ ਤੋਂ ਬਿਨਾਂ ਪਾਸ ਨਹੀਂ ਕੀਤਾ ਜਾਵੇਗਾ ਅਤੇ ਭਵਿੱਖ ਵਿੱਚ ਐਕਟ ਵਿੱਚ ਸੋਧ ਕਰਨ ਤੋਂ ਪਹਿਲਾਂ ਸਿੱਖਾਂ ਨਾਲ ਗੱਲਬਾਤ ਕਰਕੇ ਅਗਲੀ ਕਾਰਵਾਈ ਕੀਤੀ ਜਾਵੇਗੀ। . ਮੀਟਿੰਗ ਦਾ ਸੰਚਾਲਨ ਸੰਸਦ ਮੈਂਬਰ ਰਾਹੁਲ ਸ਼ੇਵਾਲੇ ਅਤੇ ਠਾਣੇ ਦੇ ਗੁਰਮੁਖ ਸਿੰਘ ਨੇ ਕੀਤਾ।

AWAZE QAUM International Newspaper & WEB TV



### ਧੰਨ ਧੰਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ

# ਸ਼ਰਧਾ ਭਾਵਨਾ ਸਹਿਤ ਮਨਾਇਆ ਗਿਆ

## ਸ੍ਰ ਗੁਰਜੀਤ ਸਿੰਘ ਵੜੈਚ ਪਰਿਵਾਰ ਨੇ ਸਿਰਪਾਉ ਦੇ ਸਨਮਾਨਿਤ ਕੀਤਾ ਤੇ ਸੰਗਤ ਨੂੰ ਜੀ ਆਇਆਂ ਆਖਿਆ








ਹਰ ਸਾਲ ਦੀ ਤਰਾਂ ਧੰਨ ਧੰਨ ਅਮਰ ਸ਼ਹੀਦ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ ਬੜੀ ਸ਼ਰਧਾ ਭਾਵਨਾਂ ਸਾਹਿਤ ਮਨਾਇਆ ਗਿਆ ਜਿਸ ਵਿੱਚ ਥੋਬਾ ਪਰਿਵਾਰ ਸ੍ਰ ਗੁਰਜੀਤ ਸਿੰਘ ਵੜੈਚ ਦੇ ਗ੍ਰਹਿ ਵਿਖੇ ਸੇਵਕ ਪਰਿਵਾਰ ਨੇਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨ ਪਰਸਣੇ ਕੀਤੇ ਧੁਰ ਕੀ ਬਾਣੀ ਦੇ ਆਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਗੁਰਦੁਆਰਾ ਅਦਾਲਤ ਸਰ ਸਾਹਿਬ ( ਮੀਰੀ ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਸਥਾਨ ) ਹੋਲੀ ਸਿਟੀ ਏਅਰਪੋਰਟ ਰੋਡ ਬਾਈਪਾਸ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਵਿਖੇ ਵਿਸ਼ੇਸ਼ ਗੁਰਮਤਿ ਸਮਾਗਮ ਕਰਵਾਏ ਗਏ ਜਿਸ ਵਿੱਚ ਮਾਨਯੋਗ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਹੈੱਡ ਗ੍ਰੰਥੀ ਸ੍ਰੀ ਅਕਾਲ ਤਖ਼ਤ ਸਾਹਿਬ ਭਾਈ ਸੁਖਵਿੰਦਰ ਸਿੰਘ ਗੋਗਾ ਵੀਰ ਜੀ ਬੀਬੀ ਕੌਲਾਂ ਵਾਲਿਆਂ ਨੇ ਰਸਭਿੰਨਾ ਕੀਰਤਨ ਕਰਕੇ ਸੰਗਤ ਨੂੰ ਮੰਤਰ ਮੁਗਧ ਕੀਤਾ ਗਿਆਨੀ ਸਰਬਜੀਤ ਸਿੰਘ ਲੁਧਿਆਣੇ ਵਾਲਿਆਂ ਨੇ ਕਥਾ ਵੀਚਾਰ ਕੀਤੀ ਮਾਨਯੋਗ ਸਿੰਘ ਸਾਹਿਬ ਗਿਆਨੀ ਮਲਕੀਤ ਸਿੰਘ ਸਾਹਿਬ ਜੀ ਨੇ ਭਾਵਪੂਰਤ ਵਿਚਾਰਾਂ ਕਰਕੇ ਅਮਰ ਸ਼ਹੀਦ ਬਾਬਾ ਦੀਪ ਸਿੰਘ ਸਾਹਿਬ ਜੀ ਦੇ ਜੀਵਨ ਤੇ ਚਾਨਣਾਂ ਪਾਇਆ ਤੇ ਸਮੇਂ ਦੀਆਂ ਸਰਕਾਰਾਂ ਵੱਲੋਂ ਸਿੱਖਾਂ ਤੇ ਘੱਟ ਗਿਣਤੀ ਪੰਜਾਬੀਆਂ ਤੇ ਪੰਜਾਬ ਨਾਲ ਕੀਤੇ ਜਾ ਧ੍ਰੋਹ ਤੇ ਸਰਕਾਰ ਨੂੰ ਕਰੜੇ ਹੱਥੀਂ ਲਿਆ ਤੇ ਮੌਜੂਦਾ ਤਖ਼ਤ ਸ੍ਰੀ ਅਬਿਚਲ ਨਗਰ ਹਜ਼ੂਰ ਸਾਹਿਬ ਦੇ 1956 ਦੇ ਬਣੇਂ ਸੰਵਿਧਾਨ ਨੂੰ ਬਿਨਾਂ sgpc ਤੇ ਸਮੂੰਹ ਸਿੱਖਾਂ ਸਿੱਖ ਜਥੇਬੰਦੀਆਂ ਨੂੰ ਬਿਨਾਂ ਦੱਸਿਆਂ ਅੰਦਰਖਾਤੇ ਆਪ ਹੁਦਰਾਪਨ ਕਰਦਿਆਂ ਮਹਾਰਾਸ਼ਟਰ ਸਰਕਾਰ ਨੇ ਆਪਣੇ ਮਨਮਰਜ਼ੀ ਦੇ ਗੁਰਮਤਿ ਵਿਹੂਣੇ ਮੈਂਬਰ ਸ਼ਾਮਲ ਕਰਕੇ RSS ਦੀਆਂ ਨੀਤੀਆਂ ਅਨੁਸਾਰ ਸਿੱਖ ਕੌਮ ਤੇ ਮਾਰੂ ਹਮਲਾ ਕਰ ਤਖ਼ਤ ਸਾਹਿਬ ਤੇ ਕਬਜ਼ਾ ਕਰਨ ਦੀ ਨੀਤੀ ਨੂੰ ਅੰਤਿਮ ਰੂਪ ਦਿੱਤਾ ਜਿਸਦਾ ਸਿੱਖ ਜਗਤ ਹੀ ਨਹੀ ਪੂਰੀਆਂ ਜਾਗਦੀਆਂ ਜ਼ਮੀਰਾਂ ਵਾਲੇ ਮੁਸਲਿਮ ਹਿੰਦੂ ਸਿੱਖਾਂ ਨੇ ਵਿਸ਼ਵ ਭਰ ਵਿੱਚ ਵਿਰੋਧ ਕੀਤਾ ਤੇ ਸਿੰਘ ਸਾਹਿਬ ਜੀ ਨੇ ਕਿਹਾ ਕਿ ਸਿੱਖ ਕੌਮ ਜਾਗਦੀ ਜ਼ਮੀਰ ਵਾਲੀ ਕੌਮ ਹੈ ਮਹਾਂਰਾਸਟਰ. ਤੇ ਕੇਂਦਰ ਸਰਕਾਰ. ਸੂਬਾ ਸਰਕਾਰਾਂ ਦੇ ਸਿੱਖ ਵਿਰੋਧੀ ਮਨਸੂਬਿਆਂ ਵਿੱਚ ਕਾਮਯਾਬ ਨਹੀਂ ਹੋਣ ਦੇਵੇਗੀ ਭਾਵੇਂ ਕੋਈ ਵੀ ਕੁਰਬਾਨੀ ਕਰਨੀ ਪਵੇ ਹਜ਼ੂਰ ਸਾਹਿਬ ਲੱਗੇ ਮੋਰਚੇ ਦਾ ਭਰਵਾਂ ਸਹਿਯੋਗ ਕਰਨ ਲਈ ਸੰਗਤਾਂ ਨੂੰ ਅਪੀਲ ਕੀਤੀ ਤੇ ਮਾਨਯੋਗ ਜੱਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ. ਪੰਜ ਪਿਆਰੇ ਸਾਹਿਬਾਨ ਜੀ ਹਜ਼ੂਰ ਸਾਹਿਬ .ਸੰਤ ਬਾਬਾ ਬਲਵਿੰਦਰ ਸਿੰਘ ਬਾਬਾ ਨਰਿੰਦਰ ਸਿੰਘ ਕਾਰ ਸੇਵਾ ਹਜ਼ੂਰ ਸਾਹਿਬ ਵਾਲਿਆਂ ਦੇ ਸੰਘਰਸ਼ਮਈ ਕਾਰਜਾਂ ਕਾਰਨ ਲਾਏ ਮੋਰਚੇ ਦੀ ਸ਼ਲਾਘਾ ਕੀਤੀ ਤੇ ਨਾਲ ਹੀ ਮੋਦੀ ਸਰਕਾਰ ਦੇ ਕਿਸਾਨ ਮਜ਼ਦੂਰਾਂ ਨਾਲ ਕੀਤੇ ਧ੍ਰੋਹ ਦਾ ਪਰਦਾਫਾਸ਼ ਕੀਤਾ ਜਿਸ ਸਰਕਾਰ ਨੇ ਕਿਸਾਨ ਮਜ਼ਦੂਰ ਕਿਰਤੀਆਂ ਦੇ ਰੋਹ ਜੋਸ ਤੋਂ ਡਰਦਿਆਂ ਪੰਜਾਬ ਹਰਿਆਣਾਂ ਦੇ ਜੀਟੀ ਰੋਡ ਤੇ ਬਾਕੀ ਸਾਰੇ ਰਸਤਿਆਂ ਨੂੰ ਬਹੁਤ ਮਜ਼ਬੂਤ ਸੀਮੈਂਟ ਦੇ ਬਣੇ ਬੈਰੀਗੇਟ ਲਾਕੇ ਬੰਦ ਕੀਤਾ ਕੀ ਇਹ ਸਰਕਾਰਾਂ ਦੀ ਨੀਤੀ ਹੈ ਜਨਤਾ ਦੀ ਚੁਣੀ ਸਰਕਾਰ ਜਦ ਜਨਤਾ ਨਾਲ ਧੋਖਾ ਕਰਨ ਲੱਗ ਪਵੇ ਤਾਂ ਉਸਦਾ ਉਮਰ ਜ਼ਿਆਦਾ ਨਹੀ ਹੁੰਦੀ ਕਿਸਾਨ ਮਜ਼ਦੂਰ ਤੇ ਜਨਤਾ ਨੂੰ ਮਾਲਕ ਵਾਹਿਗੁਰੂ ਜੀ ਕਾਮਯਾਬੀ ਬਖਸ਼ਿਸ਼ ਕਰਨ ਜੀ ਅਖੀਰ ਤੇ ਕੌਮ ਨੂੰ ਅੰਮ੍ਰਿਤ ਛਕਣ ਲਈ ਪ੍ਰੇਰਨਾ ਕੀਤੀ ਤੇ ਬਾਬਾ ਦੀਪ ਸਿੰਘ ਸਾਹਿਬ ਜੀ ਨੇ ਬਾਬਾ ਬੰਦਾ ਸਿੰਘ ਜੀ ਦੀ ਸਮਾਣਾਂ ਸਢੌਰਾ ਸਰਹਿੰਦ ਫਤਹਿ ਵਿੱਚ ਜੱਥੇ ਸਮੇਤ ਹਾਜ਼ਰ ਹੋਕੇ ਜਾਲਮਾਂ ਨੂੰ ਸੋਧਿਆ ਤੇ ਪਾਵਨ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਤਖ਼ਤ ਦਮਦਮਾ ਸਾਹਿਬ ਜੀ ਵਿੱਖੇ ਭਾਈ ਮਨੀ ਸਿੰਘ ਸਾਹਿਬ ਜੀ ਨਾਲ ਲਿਖਣ ਵਿੱਚ ਸਹਾਇਤਾ ਕਰ ਸੇਵਾ ਕੀਤੀ ਤੇ ਪਾਵਨ ਸਰੂਪ ਚਾਰ ਤਖਤਾ ਪੁਰ ਸੁਭਾਇਮਾਂਨ ਕਰਵਾਏ ਅਖੀਰ ਗੁਰੂ ਰਾਮਦਾਸ ਸਾਹਿਬ ਜੀ ਦੇ ਪਾਵਨ ਅਸਥਾਨ ਸਚਖੰਡਿ ਸ੍ਰੀ ਹਰਿਮੰਦਰ ਸਾਹਿਬ ਜੀ ਦੀ ਰੱਖਿਆ ਵਾਸਤੇ ਅਹਿਮਦ ਸ਼ਾਹ ਅਬਦਾਲੀ ਦੀ ਫੌਜ ਨਾਲ ਤਖ਼ਤ ਸ੍ਰੀ ਦਮਦਮਾਂ ਸਾਹਿਬ ਦੀ ਧਰਤੀ ਤੋਂ ਚਾਲਾ ਮਾਰਕੇ ਗੋਹਲਵੜ ਚੱਬੇ ਦੇ ਮੈਦਾਨ ਵਿੱਚ ਲਹੂ ਡੋਲਵੀਂ ਜੰਗ ਕਰ ਦੁਸ਼ਮਣਾਂ ਨੂੰ ਮੌਤ ਦੇ ਘਾਟ ਉਤਾਰਦਿਆਂ ਤੇ ਕੁਝ ਨੂੰ ਖੰਡੇ ਦੇ ਜੌਹਰ ਨਾਲ ਅੱਗੇ ਲਾਕੇ ਭਜਾ ਭਜਾ ਮਾਰਿਆ ਤੇ ਆਪਣਾ ਸੀਸ ਗੁਰੂ ਰਾਮਦਾਸ ਸਾਹਿਬ ਜੀ ਦੇ ਚਰਨਾਂ ਵਿੱਚ ਭੇਟ ਕਰ ਅਨੋਖੀ ਸ਼ਹਾਦਤ ਪਰਾਪਤ ਕਰ ( ਸਤਿਗੁਰ ਆਗੈ ਸੀਸ ਭੇਟ ਦੇਉ ਜੇ ਸਤਿਗੁਰ ਸਾਚੈ ਭਾਵੈ ) ਦੇ ਪਾਵਨ ਬਚਨਾਂ ਤੇ ਪਹਿਰਾ ਦੇ ਬਿਰਧ ਅਵਸਥਾ ਵਿੱਚ ਗੁਰਮੁਖਿ ਬੁੱਢੇ ਕਦੇ ਨਾਹੀ ਜਿੰਨਾਂ ਅੰਤਰਿ ਸੁਰਤਿ ਗਿਆਨ ਦੇ ਬਚਨਾਂ ਨੂੰ ਪੂਰਾ ਕਰ ਵਿਖਾਇਆ ਸੋ ਬਾਬਾ ਜੀ ਤੇ ਸਾਥੀ ਸ਼ਹੀਦਾਂ ਨੂੰ ਸੰਗਤਾਂ ਨੇ ਨਮਸਕਾਰ ਕੀਤੀ ਤੇ ਹਿਰਦੇ ਵੈਰਾਗਮਈ ਹੋਏ ਸਮਾਗਮ ਵਿੱਚ ਸੰਗਤਾਂ ਸਮੇਤ ਰਾਜਨੀਤਕ ਸਮਾਜ ਸੇਵਕ ਧਾਰਮਿਕ ਸ਼ਖਸ਼ੀਅਤਾਂ ਹਾਜ਼ਰੀ ਭਰੀ ਜਿੰਨਾਂ ਵਿੱਚ ਸ੍ਰ ਸੁਖਦੇਵ ਸਿੰਘ ਨੇਸਟਾ ਗਿਆਨੀ ਬਲਵਿੰਦਰ ਸਿੰਘ ਲਹਿਰੀ ਗੁਰਮਤਿ ਇੰਸਟੀਚਿਊਟ ਵਿਦਿਆਲਾ ਤਲਵੰਡੀ ਸਾਬੋ ਦੇ ਪ੍ਰਿੰਸੀਪਲ ਸਿੰਘ ਡਾਕਟਰ ਸਤਿੰਦਰ ਸਿੰਘ ਥੋਬਾ ਮੁੰਦ ਹਸਪਤਾਲ ਡਾਕਟਰ ਵਿਕਾਸ ਭੰਡਾਰੀ ਗੁਰੂ ਘਰ ਦੀ ਪ੍ਰਬੰਧਕ ਕਮੇਟੀ ਹੈੱਡ ਗ੍ਰੰਥੀ ਗ੍ਰੰਥੀ ਸੇਵਾਦਾਰ ਸਾਰਿਆਂ ਨੂੰ ਸ੍ਰ ਗੁਰਜੀਤ ਸਿੰਘ ਵੜੈਚ ਪਰਿਵਾਰ ਨੇ ਸਿਰਪਾਉ ਦੇ ਸਨਮਾਨਿਤ ਕੀਤਾ ਤੇ ਸੰਗਤ ਨੂੰ ਜੀ ਆਇਆਂ ਆਖਿਆ ਗੁਰੂ ਸਾਹਿਬ ਜੀ ਦਾ ਸੁਕਰਾਨਾਂ ਕੀਤਾ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਸ਼੍ਰੀਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਮਹਾਂਪੁਰਸ਼ਾਂ ਦੀ ਯੋਗ ਅਗਵਾਈ ‘ਚ ਜਥੇਬੰਦੀ ਦਮਦਮੀ ਟਕਸਾਲ ਵੱਲੋਂ ਦੁਨਿਆਵੀ ਵਿਦਿਆ ਲਈ ਨਗਰ ਮਹਿਤਾ ਚੌਂਕ ਵਿਖੇ ਚੱਲ ਰਹੇ ਵੱਖ ਵੱਖ ਅਦਾਰਿਆਂ ‘ਚ ਨਵੇਂ ਸਾਲ ( 2024) ਦੀਆਂ ਕਲਾਸਾਂ ਸ਼ੁਰੂ ਹਨ । ਨਵੇਂ ਵਿਦਿਆਰਥੀ ਦਾਖਲੇ ਲੈ ਕੇ ਦੁਨਿਆਵੀ ਅਤੇ ਧਾਰਮਿਕ ਵਿਦਿਆ ਪ੍ਰਾਪਤ ਕਰੋ ਜੀ।

# ਭੋਗ ਅਤੇ ਅੰਤਿਮ ਅਰਦਾਸ



ਆਪ ਸਰਬੱਤ ਸੰਗਤਾਂ ਨੂੰ ਬੇਨਤੀ ਹੈ ਕਿ

ਭਾਈ ਸਾਹਿਬ ਭਾਈ ਗਿ. ਪਿੰਦਰਪਾਲ ਸਿੰਘ ਜੀ ਅਤੇ ਸ੍ਰ. ਕਸ਼ਮੀਰ ਸਿੰਘ ਜੀ ਦੇ ਮਾਤਾ ਜੀ ਅਤੇ ਸੰਤ ਬਾਬਾ ਅਮੀਰ ਸਿੰਘ ਜੀ ਮੁਖੀ ਜਵੱਦੀ ਟਕਸਾਲ ਤਿਨਾ ਦੇ ਚਾਚੀ ਜੀ

(ਸ੍ਰ ਹਰਦਿਆਲ ਸਿੰਘ ਜੀ ਦੀ ਧਰਮ ਸੁਪਤਨੀ)

## ਮਾਤਾ ਬਲਬੀਰ ਕੌਰ ਜੀ

ਅਕਾਲ ਪੁਰਖ ਵਲੋਂ ਬਖਸ਼ੀ ਸੁਆਸਾਂ ਰੂਪੀ ਪੂੰਜੀ ਨੂੰ ਭੋਗਦੇ ਹੋਏ ਅਕਾਲ ਚਲਾਣਾ ਕਰ ਗਏ ਸੱਨ

ਤਿਨਾ ਨਮਿਤ ਰੱਖੇ ਸ੍ਰੀ ਸਾਹਿਜ ਪਾਠ ਦੇ ਭੋਗ ਕੀਰਤਨ ਕਥਾ ਸਮਾਗਮ ਅਤੇ ਅਰਦਾਸ

ਮਿਤੀ 13 ਫਰਵਰੀ ਮੰਗਲਵਾਰ 2024 ਨੂੰ ਦੁਪਹਿਰ 12 ਤੋਂ 2 ਵੱਜੇ ਤੱਕ

ਗੁਰਦੁਆਰਾ ਗੁਰ ਗਿਆਨ ਪ੍ਰਕਾਸ਼ ਜਵੱਦੀ ਟਕਸਾਲ ਲੁਧਿਆਣਾ ਵਿਖੇ ਹੋਵੇਗੀ

ਗੁਰੂ ਭਾਣੇ ਵਿਚ ਸਮੂਹ ਪਰਿਵਾਰ

ਆਵਾਜ਼ਿ ਕੌਮ AWAZE QAUM International Newspaper & WEB TV

98882-03113
70873-03113
97296-56009 94175-01929

# ਇੱਕ ਨਜ਼ਰ



## ਗੁਰੂ ਕਾਸ਼ੀ ਯੂਨੀਵਰਸਿਟੀ ਨੇ ਮਨਾਇਆ ਆਰਟੀਫਿਸ਼ਿਅਲ ਇੰਟੈਲੀਜੈਂਸ (ਏ.ਆਈ.) ਥੀਮ 'ਤੇ ਅਧਾਰਿਤ ਰਾਸ਼ਟਰੀ ਉਤਪਾਦਕਤਾ ਦਿਹਾੜਾ-2024

ਤਲਵੰਡੀ ਸਾਬੋ, 12 ਫਰਵਰੀ (ਗੁਰਜੰਟ ਸਿੰਘ ਨਥੇਹਾ)- ਭਾਰਤ ਦੇ ਆਰਥਿਕ ਵਿਕਾਸ, ਸਮਾਜਿਕ ਉਤਥਾਨ ਅਤੇ ਉਤਪਾਦਕਤਾ ਨੂੰ ਵਧਾਉਣ ਦੇ ਮੰਤਵ ਨਾਲ ਗੁਰੂ ਕਾਸ਼ੀ ਯੂਨੀਵਰਸਿਟੀ ਵੱਲੋਂ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਪ੍ਰੇਰਣਾ ਸਦਕਾ ਫੈਕਲਟੀ ਆਫ਼ ਇੰਜੀਨਿਅਰਿੰਗ ਐਂਡ ਤਕਨਾਲੋਜੀ ਦੇ ਡੀਨ, ਡਾ. ਅਮਿਤ ਟੁਟੇਜਾ ਦੀ ਦੇਖ-ਰੇਖ ਹੇਠ "ਰਾਸ਼ਟਰੀ ਉਤਪਾਦਕਤਾ ਦਿਹਾੜਾ-2024" ਵਿਦਿਆਰਥੀਆਂ ਵੱਲੋਂ ਨਵੀਂ ਸੋਚ, ਨਵੇਂ ਵਿਚਾਰ ਨਾਲ ਪ੍ਰੈਜ਼ੈਂਟੇਸ਼ਨ ਦੇ ਕੇ ਮਨਾਇਆ ਗਿਆ। ਇਸ ਮੌਕੇ ਸਿਵਲ ਇੰਜੀਨਿਅਰਿੰਗ, ਮਕੈਨੀਕਲ ਇੰਜੀਨਿਅਰਿੰਗ, ਕੈਮੀਕਲ ਇੰਜੀਨਿਅਰਿੰਗ, ਪੈਟ੍ਰੋਲੀਅਮ ਇੰਜੀਨਿਅਰਿੰਗ, ਕੰਪਿਊਟਰ ਸਾਇੰਸ ਇੰਜੀਨਿਅਰਿੰਗ ਅਤੇ ਇਲੈਕਟ੍ਰਿਕਲ ਇੰਜੀਨਿਅਰਿੰਗ ਦੇ ਵਿਦਿਆਰਥੀਆਂ ਲਈ ਵਾਤਾਵਰਣ ਦੀ ਸਾਂਭ ਸੰਭਾਲ, ਧਰਤੀ ਨੂੰ ਹਰਾ ਭਰਿਆ ਬਣਾਉਣ, ਸਿਹਤ ਸੰਭਾਲ, ਏ.ਆਈ. ਦੇ ਸਹਿਯੋਗ ਨਾਲ ਉਤਪਾਦਨ ਵਧਾਉਣਾ ਆਦਿ ਵਿਸ਼ਿਆਂ 'ਤੇ ਪ੍ਰੈਜੇਂਟੇਸ਼ਨ ਦੇ ਮੁਕਾਬਲੇ ਕਰਵਾਏ ਗਏ। ਇਸ ਮੌਕੇ ਇਨਾਮ ਵੰਡ ਸਮਾਰੋਹ ਵਿੱਚ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕਰਦੇ ਹੋਏ ਡੀਨ, ਡਾ. ਟੁਟੇਜਾ ਨੇ ਕਿਹਾ ਕਿ ਆਉਣ ਵਾਲਾ ਸਮਾਂ ਆਰਟੀਫਿਸ਼ਿਅਲ ਇੰਟੈਲੀਜੈਂਸ ਦਾ ਹੈ। ਮੁਨੱਖ ਦੀ ਜ਼ਿੰਦਗੀ ਦਾ ਹਰ ਪੱਖ ਪ੍ਰਤੱਖ ਅਤੇ ਅਪ੍ਰਤੱਖ ਤੌਰ ਤੇ ਏ.ਆਈ. ਤੋਂ ਪ੍ਰਭਾਵਿਤ ਰਹੇਗਾ। ਪ੍ਰਤੀਯੋਗਿਤਾ ਵਿੱਚ ਇਲੈਕਟ੍ਰਿਕਲ ਇੰਜੀਨਿਅਰਿੰਗ ਦੇ ਵਿਦਿਆਰਥੀਆਂ ਨੇ ਪਹਿਲਾ, ਕੰਪਿਊਟਰ ਸਾਇੰਸ ਇੰਜੀਨਿਅਰਿੰਗ ਨੇ ਦੂਜਾ ਅਤੇ ਪੈਟ੍ਰੋਲੀਅਮ ਇੰਜੀਨਿਅਰਿੰਗ ਦੇ ਵਿਦਿਆਰਥੀਆਂ ਨੇ ਤੀਜਾ ਸਥਾਨ ਹਾਸਲ ਕੀਤਾ। ਡਾ. ਨਵਦੀਪ ਸਿੰਘ ਗਰੇਵਾਲ, ਡਾ. ਰਿਸ਼ਭ ਬਾਜਪਈ ਤੇ ਡਾ. ਗੁਰਪ੍ਰੀਤ ਕੌਰ ਨੇ ਜੱਜ ਦੀ ਭੂਮਿਕਾ ਨਿਭਾਈ। ਇੰਜੀਨਿਅਰ ਹਰਮਨਦੀਪ ਕੌਰ ਤੇ ਡਾ. ਅਮਰਿੰਦਰ ਕੌਰ ਨੇ ਬਾਖੂਬੀ ਮੰਚ ਸੰਚਾਲਨ ਕੀਤਾ।

## ਸਮਰਾਲਾ ਕਨਵੈਨਸ਼ਨ 'ਚ ਸ਼ਾਮਿਲ ਹੋਣ ਵਾਲੇ ਵਰਕਰਾਂ ਦਾ ਧੰਨਵਾਦ ਕਰਦਿਆਂ ਸਿੱਧੂ ਨੇ ਕਿਹਾ ਸੰਜੀਵਨੀ ਸਾਬਿਤ ਹੋਈ ਕਨਵੈਨਸ਼ਨ

ਤਲਵੰਡੀ ਸਾਬੋ, 12 ਫਰਵਰੀ (ਗੁਰਜੰਟ ਸਿੰਘ ਨਥੇਹਾ)- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਬੀਤੇ ਕੱਲ੍ਹ ਸਮਰਾਲਾ ਵਿਖੇ ਸੂਬਾ ਕਾਂਗਰਸ ਵੱਲੋਂ ਕਰਵਾਈ ਗਈ ਪਹਿਲੀ ਸੂਬਾਈ ਕਨਵੈਨਸ਼ਨ ਚ ਕਾਂਗਰਸੀ ਵਰਕਰਾਂ ਦੇ ਆਪ ਮੁਹਾਰੇ ਉਮੜੇ ਇਕੱਠ ਅਤੇ ਕੁਲ ਹਿੰਦ ਕਾਂਗਰਸ ਪ੍ਰਧਾਨ ਮੱਲਿਕਾ ਅਰਜੁਨ ਖੜਗੇ ਵੱਲੋਂ ਕਾਂਗਰਸੀ ਵਰਕਰਾਂ ਦੀ ਥਾਪੜੀ ਗਈ ਪਿੱਠ ਕਾਰਣ ਉਕਤ ਕਨਵੈਨਸ਼ਨ ਨੇ ਕਾਂਗਰਸੀ ਵਰਕਰਾਂ ਲਈ ਸੰਜੀਵਨੀ ਦਾ ਕੰਮ ਕੀਤਾ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਕੀਤਾ। ਉਨਾਂ ਨੇ ਕਿਹਾ ਕਿ ਜਿੱਥੇ ਪੰਜਾਬ ਭਰ ਵਿੱਚੋਂ ਸਮਰਾਲਾ ਦੀ ਕਨਵੈਨਸ਼ਨ ਚ ਵਰਕਰਾਂ ਨੇ ਵਧ ਚੜ ਕੇ ਸ਼ਮੂਲੀਅਤ ਕੀਤੀ ਉੱਥੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ, ਮੌੜ ਅਤੇ ਸਮੁੱਚੇ ਲੋਕ ਸਭਾ ਹਲਕਾ ਬਠਿੰਡਾ ਦੇ ਵੱਖ-ਵੱਖ ਹਲਕਿਆਂ ਦੇ ਆਗੂਆਂ ਤੇ ਹਜ਼ਾਰਾਂ ਦੀ ਗਿਣਤੀ 'ਚ ਵਰਕਰਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕਰਦਿਆਂ ਸੂਬਾਈ ਅਤੇ ਕੌਮੀ ਆਲਾਕਮਾਨ ਆਗੂਆਂ ਦੇ ਵਿਚਾਰ ਸੁਣੇ।ਸਾਬਕਾ ਵਿਧਾਇਕ ਸਿੱਧੂ ਨੇ ਕਨਵੈਨਸ਼ਨ ਚ ਸ਼ਮੂਲੀਅਤ ਕਰਨ ਵਾਲੇ ਕਾਂਗਰਸੀ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਉਮੀਦ ਪ੍ਰਗਟਾਈ ਕਿ ਉਨਾਂ ਦੇ ਉਤਸ਼ਾਹ ਸਦਕਾ ਕਾਂਗਰਸ ਪਾਰਟੀ ਲੋਕ ਸਭਾ ਚੋਣਾਂ ਚ ਸ਼ਾਨਦਾਰ ਪ੍ਰਦਰਸ਼ਨ ਕਰੇਗੀ।



## ਮਨੀਸ਼ ਸਿਸੋਦੀਆ ਨੂੰ ਰਾਹਤ, ਅਦਾਲਤ ਨੇ ਦਿੱਤੀ 3 ਦਿਨਾਂ ਲਈ ਅੰਤਰਿਮ ਜ਼ਮਾਨਤ

ਨਵੀਂ ਦਿੱਲੀ 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਨੇਤਾ ਮਨੀਸ਼ ਸਿਸੋਦੀਆ ਨੂੰ ਅਦਾਲਤ ਵਲੋਂ 3 ਦਿਨਾਂ ਲਈ ਅੰਤਰਿਮ ਜ਼ਮਾਨਤ ਦੇ ਦਿੱਤੀ ਹੈ ਜਦਕਿ ਸਿਸੋਦੀਆ ਨੇ ਯੂਪੀ ਦੇ ਲਖਨਊ ਵਿੱਚ ਆਪਣੀ ਭਤੀਜੀ ਦੇ ਵਿਆਹ ਵਿੱਚ ਸ਼ਾਮਲ ਹੋਣ ਲਈ 12 ਤੋਂ 16 ਫਰਵਰੀ ਤੱਕ ਅੰਤਰਿਮ ਜ਼ਮਾਨਤ ਦੀ ਮੰਗ ਕੀਤੀ ਸੀ। ਇਸ ਤੋਂ ਪਹਿਲਾਂ ਅਦਾਲਤ ਨੇ ਸਿਸੋਦੀਆ ਨੂੰ ਹਫ਼ਤੇ ਵਿੱਚ ਇੱਕ ਵਾਰ ਆਪਣੀ ਬੀਮਾਰ ਪਤਨੀ ਨੂੰ ਮਿਲਣ ਦੀ ਇਜਾਜ਼ਤ ਦਿੱਤੀ ਸੀ। ਇਸ ਦੌਰਾਨ ਡਾਕਟਰ ਮਨੀਸ਼ ਸਿਸੋਦੀਆ ਨੂੰ ਵੀ ਮਿਲ ਸਕਣਗੇ। ਇਹ ਵਿਵਸਥਾ ਅਗਲੇ ਹੁਕਮਾਂ ਤੱਕ ਲਾਗੂ ਰਹੇਗੀ। ਇਹ ਇਜਾਜ਼ਤ ਵੀ ਦਿੱਲੀ ਦੀ ਰੌਜ਼ ਐਵੇਨਿਊ ਕੋਰਟ ਤੋਂ ਹੀ ਲਈ ਗਈ ਸੀ। ਅਦਾਲਤ ਮਨੀਸ਼ ਸਿਸੋਦੀਆ ਦੀ ਪੱਕੀ ਜ਼ਮਾਨਤ ਪਟੀਸ਼ਨ 'ਤੇ ਅਗਲੀ ਸੁਣਵਾਈ 22 ਫਰਵਰੀ ਨੂੰ ਕਰੇਗੀ। ਸੀਬੀਆਈ ਨੇ ਦਿੱਲੀ ਆਬਕਾਰੀ ਮਾਮਲੇ ਦੀ ਜਾਂਚ ਤੋਂ ਬਾਅਦ ਸਾਬਕਾ ਉਪ ਮੁੱਖ ਮੰਤਰੀ ਸਿਸੋਦੀਆ ਨੂੰ 26 ਫਰਵਰੀ 2023 ਨੂੰ ਗ੍ਰਿਫਤਾਰ ਕੀਤਾ ਸੀ।



## ਬੱਸ ਦਾ ਹੈਂਡਲ ਖੋਲਣ ਕਾਰਨ ਡੂੰਘੇ ਟੋਏ ਵਿੱਚ ਉਤਰ ਗਈ




ਚੌਕ ਮਹਿਤਾ, 12 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸ੍ਰੀ ਅੰਮ੍ਰਿਤਸਰ ਸਾਹਿਬ ਤੋ ਊਨਾ ਤੱਕ ਚਾਰ ਮਾਰਗ ਹਾਈਵੇਅ ਸੜਕ ਦਾ ਕੰਮ ਬਹੁਤ ਤੇਜੀ ਨਾਲ ਚੱਲ ਰਿਹਾ ਹੈ। ਰਾਹ ਘੱਟ ਹੋਣ ਕਾਰਣ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਤੋ ਚੌਕ ਮਹਿਤਾ ਵੱਲ ਨੂੰ ਜਾਂਦੀ ਹੋਈ ਬਾਜਵਾ ਟਰਾਂਸਪੋਰਟ ਦੀ ਬੱਸ ਪਿੰਡ ਸੂਰੋ ਪੱਡਾ ਦੇ ਸੋਏ ਪੁੱਲ ਤੋਂ ਡੂੰਘੇ ਟੋਏ ਵਿੱਚ ਜਾ ਡਿੱਗੀ।ਡਰਾਈਵਰ ਦੇ ਦੱਸਣ ਮੁਤਾਬਿਕ ਬੱਸ ਦਾ ਬੋਨਟ ਖੋਲਣ ਕਾਰਣ ਡੂੰਘੇ ਟੋਏ ਵਿੱਚ ਡਿੱਗ ਪਈ।ਸਾਰੀਆਂ ਸਵਾਰੀਆਂ ਠੀਕ ਠਾਕ ਹਨ। ਕੋਈ ਜਾਨੀ ਮਾਲੀ ਨੁਕਸਾਨ ਨਹੀਂ ਹੋਇਆ।

### ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਹਲਕਾ ਸੁਨਾਮ ਦੇ ਪਿੰਡਾਂ ਦੇ

# ਸਰਕਾਰੀ ਸਕੂਲਾਂ ਵਿੱਚ 50 ਲੱਖ ਦੇ ਵਿਕਾਸ ਕਾਰਜਾਂ ਦਾ ਉਦਘਾਟਨ

**ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਤਹਿਤ ਲਗਾਤਾਰ ਸੂਬੇ ਦੇ ਸਰਕਾਰੀ ਸਿੱਖਿਆ ਤੰਤਰ ਦੀ ਨੁਹਾਰ ਬਦਲਣ ਲਈ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ**



ਸੁਨਾਮ ਊਧਮ ਸਿੰਘ ਵਾਲਾ, 12 ਫਰਵਰੀ (ਰਣਜੀਤ ਸਿੰਘ ਪੇਧਨੀ) - ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਅੱਜ ਹਲਕਾ ਸੁਨਾਮ ਦੇ ਪਿੰਡਾਂ ਅਤੇ ਸਰਕਾਰੀ ਸਕੂਲਾਂ ਵਿੱਚ 50 ਲੱਖ ਰੁਪਏ ਦੇ ਵਿਕਾਸ ਕਾਰਜਾਂ ਨੂੰ ਲੋਕਾਂ ਦੇ ਸਮਰਪਿਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਪਿੰਡ ਤੋਲਾਵਾਲ ਦੇ ਵਿੱਚ ਤਕਰੀਬਨ 10 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਸ਼ਹੀਦ ਗੁਰਬਿੰਦਰ ਸਿੰਘ ਯਾਦਗਾਰੀ ਗੇਟ ਅਤੇ ਲਗਭਗ 15 ਲੱਖ ਦੀ ਲਾਗਤ ਨਾਲ ਸਰਕਾਰੀ ਸਕੂਲ 'ਚ ਉਸਾਰੇ ਗਏ ਕਮਰਿਆਂ ਦਾ ਉਦਘਾਟਨ ਕੀਤਾ। ਇਸ ਤੋਂ ਬਾਅਦ ਕੈਬਨਿਟ ਮੰਤਰੀ ਨੇ ਪਿੰਡ ਤੋਗਾਵਾਲ ਦੇ ਸਰਕਾਰੀ ਸਕੂਲ ਵਿੱਚ ਵੀ ਤਕਰੀਬਨ 25 ਲੱਖ ਰੁਪਏ ਦੀ ਲਾਗਤ ਨਾਲ ਪੂਰੇ ਕੀਤੇ ਗਏ ਵਿਕਾਸ ਕਾਰਜਾਂ ਨੂੰ ਹਲਕੇ ਦੇ ਲੋਕਾਂ ਨੂੰ ਸਮਰਪਿਤ ਕੀਤਾ। ਇਸ ਮੌਕੇ ਬੋਲਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਸੁਧਾਰ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਇਸੇ ਤਹਿਤ ਲਗਾਤਾਰ ਸੂਬੇ ਦੇ ਸਰਕਾਰੀ ਸਿੱਖਿਆ ਤੰਤਰ ਦੀ ਨੁਹਾਰ ਬਦਲਣ ਲਈ ਸਾਰਥਕ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਵੱਲੋਂ ਸਕੂਲਾਂ ਵਿੱਚ ਪੜ੍ਹਾਈ ਅਨੁਕੂਲ ਮਾਹੌਲ ਯਕੀਨੀ ਬਣਾਉਣ ਨਵੀਂ ਸਿੱਖਿਆ ਨੀਤੀ ਲਾਗੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਉਨ੍ਹਾਂ ਦੀ ਸਰਕਾਰ ਵੱਲੋਂ ਲਗਭਗ 40 ਹਜ਼ਾਰ ਸਰਕਾਰੀ ਨੌਕਰੀਆਂ 'ਤੇ ਬਿਨਾ ਕਿਸੇ ਸਿਫ਼ਾਰਸ਼ ਅਤੇ ਭ੍ਰਿਸ਼ਟਾਚਾਰ ਤੋਂ ਦਿੱਤੀਆਂ ਗਈਆਂ ਹਨ। ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਸਦਕਾ ਸੁਨਾਮ ਹਲਕਾ ਵੀ ਸਿੱਖਿਆ ਦੇ ਖੇਤਰ ਵਿੱਚ ਮੋਹਰੀ ਬਣ ਕੇ ਉੱਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸੁਨਾਮ ਪੂਰੇ ਦੇਸ਼ ਦਾ ਪਹਿਲਾ ਹਲਕਾ ਹੈ ਜਿੱਥੇ ਸਾਰੇ ਸਰਕਾਰੀ ਸਕੂਲਾਂ ਵਿੱਚ ਅਤਿ-ਆਧੁਨਿਕ ਰੋਬੋਟਿਕ ਲੈਬਜ਼ ਸਥਾਪਤ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਸਨਾਮ ਹਲਕੇ ਨੂੰ ਸਿੱਖਿਆ ਦੇ ਖੇਤਰ ਵਿੱਚ ਅੱਵਲ ਬਣਾਉਣ ਲਈ ਵਚਨਬੱਧ ਹਨ ਅਤੇ ਇਸ ਮੰਤਵ ਦੀ ਪ੍ਰਾਪਤੀ ਲਈ ਉਹ ਦਿਨ ਰਾਤ ਇੱਕ ਕਰਕੇ ਕੰਮ ਕਰਨਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਸਿੱਖਿਆ ਅਫ਼ਸਰ ਮੇਵਾ ਸਿੰਘ, ਬੀ.ਡੀ.ਪੀ.ਓ ਸੰਗਰੂਰ ਸੁਖਦੀਪ ਸਿੰਘ, ਸਰਪੰਚ ਮੇਵਾ ਸਿੰਘ ਤੋਲਾਵਾਲ, ਗੁਰਦੀਪ ਸਿੰਘ ਦੀਪਾ, ਗੁਰਜੰਟ ਸਿੰਘ ਜੰਟੀ, ਸੁਰਜੀਤ ਸਿੰਘ ਸਰਪੰਚ, ਸਰਬਜੀਤ ਕੌਰ ਸਰਪੰਚ, ਗੁਰਸੇਵਕ ਸਿੰਘ, ਨਾਜਰ ਸਿੰਘ ਅਤੇ ਰਾਜਵਿੰਦਰ ਸਿੰਘ ਰਾਜਾ ਵੀ ਹਾਜ਼ਰ ਸਨ।

# ਅਕਾਲੀ ਦਲ ਨੇ ਹਮੇਸ਼ਾ ਪੰਜਾਬੀਆਂ ਲਈ ਡਟ ਕੇ ਪਹਿਰਾ ਦਿੱਤਾ : ਬਲਬੀਰ ਸਿੰਘ ਬਾਠ

**ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮਜੀਤ ਸਿੰਘ ਮਜੀਠੀਆ ਦੀ ਯੋਗ ਅਗਵਾਈ ਹੇਠ ਪੰਜਾਬ ਬਚਾਓ ਮੁਹਿੰਮ ਯਾਤਰਾ ਅਰੰਭ ਕੀਤੀ ਗਈ ਹੈ ਜਿਸ ਵਿਚ ਪੰਜਾਬ ਦੇ ਹਰੇਕ ਜ਼ਿਲ੍ਹੇ ਵਿਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜੋ ਤੁਹਾਡੇ ਸਾਰਿਆਂ ਦੇ ਸਾਹਮਣੇ ਨਜ਼ਰ ਆ ਰਿਹਾ ਹੈ ...**



ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਫ਼ਰਵਰੀ (ਕੁਲਜੀਤ ਸਿੰਘ ਖੋਖਰ)- ਸ਼੍ਰੋਮਣੀ ਅਕਾਲੀ ਦਲ ਨੇ ਪੰਜਾਬੀਆਂ ਦੇ ਹੱਕਾਂ ਲਈ ਹਮੇਸ਼ਾ ਡਟ ਕੇ ਪਹਿਰਾ ਦਿੱਤਾ ਇਹਨਾਂ ਗੱਲਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਕੈਬਨਿਟ ਮੰਤਰੀ ਕੈਪਟਨ ਬਲਬੀਰ ਸਿੰਘ ਬਾਠ ਨੇ ਪਿੰਡ ਢਪਈ ਦੇ ਸਾਬਕਾ ਸਰਪੰਚ ਦਲਜੀਤ ਸਿੰਘ ਰਿਆੜ ਦੀ ਲੜਕੀ ਫਤਿਹਦੀਪ ਦੀ ਸ਼ਾਦੀ ਸਮਾਰੋਹ ਦੌਰਾਨ ਪਤਰਕਾਰਾਂ ਦੇ ਰੂਬਰੂ ਹੋ ਕੇ ਕੀਤਾ ਅਗੇ ਕੈਂਪ ਬਲਬੀਰ ਸਿੰਘ ਬਾਠ ਨੇ ਕਿਹਾ ਕਿ ਇਕ ਸ਼੍ਰੋਮਣੀ ਅਕਾਲੀ ਦਲ ਹੀ ਪੰਜਾਬ ਵਿਚ ਇਕ ਇਹੋ ਅਜਿਹੇ ਪਾਰਟੀ ਹੈ ਜੋ ਹਰ ਕੋਈ ਵਿਅਕਤੀ ਦੇ ਦੁਖ ਸੁਖ ਵਿਚ ਸ਼ਾਮਿਲ ਹੁੰਦੀ ਹੈ ਅਗੇ ਉਹਨਾਂ ਕਿਹਾ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮਜੀਤ ਸਿੰਘ ਮਜੀਠੀਆ ਦੀ ਯੋਗ ਅਗਵਾਈ ਹੇਠ ਪੰਜਾਬ ਬਚਾਓ ਮੁਹਿੰਮ ਯਾਤਰਾ ਅਰੰਭ ਕੀਤੀ ਗਈ ਹੈ ਜਿਸ ਵਿਚ ਪੰਜਾਬ ਦੇ ਹਰੇਕ ਜ਼ਿਲ੍ਹੇ ਵਿਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਜੋ ਤੁਹਾਡੇ ਸਾਰਿਆਂ ਦੇ ਸਾਹਮਣੇ ਨਜ਼ਰ ਆ ਰਿਹਾ ਹੈ ਜਦ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਚੋਂ ਅਕਾਲੀ ਦਲ ਆਪਣੇ ਪਿਆਰ ਬਲਬੂਤੇ ਅਤੇ ਸਿਦਕ ਨਾਲ਼ ਪੰਜਾਬ ਵਿੱਚ ਆਪਣੀ ਸਰਕਾਰ ਬਣਾਵੈ ਗਾ ਕੈਪਟਨ ਬਲਬੀਰ ਸਿੰਘ ਬਾਠ ਨੇ ਅਗੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਰ ਆਗੂ ਅਤੇ ਵਰਕਰ ਨਾਲ਼ ਚਟਾਨ ਵਾਂਗ ਖੜ੍ਹਾ ਹੈ ਅਤੇ ਆਪ ਸਰਕਾਰ ਦੀਆਂ ਧੱਕੇ ਸ਼ਾਹੀਆਂ ਦਾ ਮੂੰਹ ਤੋੜਵਾਂ ਜਵਾਬ ਦੇਣ ਲਈ ਵਰਕਰਾਂ ਦਾ ਡਟ ਕੇ ਸਾਥ ਦਿੱਤਾ ਜਾਵੇਗਾ ਅਗੇ ਉਹਨਾਂ ਕਿਹਾ ਕਿ ਪੰਜਾਬ ਚੋ ਲੋਕ ਭਗਵੰਤ ਮਾਨ ਦੀ ਆਪ ਸਰਕਾਰ ਬਣਾ ਕੇ ਆਪਣੇ ਆਪ ਨੂੰ ਠੱਗਿਆ ਮਹਿਸੂਸ ਕਰ ਰਹੇ ਹਨ ਜਦ ਕਿ ਕੋਈ ਸੁਖ ਸਹੂਲਤਾਂ ਲੋਕਾਂ ਨੂੰ ਨਹੀਂ ਮਿਲ ਰਹੀਆਂ ਉਨ੍ਹਾਂ ਕਿਹਾ ਕਿ ਅਕਾਲੀ ਦਲ ਸਰਕਾਰ ਵੇਲੇ ਲੋਕਾਂ ਨੂੰ ਸਭ ਸਹੂਲਤਾਂ ਮਿਲਦੀਆਂ ਸਨ ਜੋ ਕੇ ਆਮ ਆਦਮੀ ਪਾਰਟੀ ਨੇ ਇਹ ਸਭ ਸਹੂਲਤਾਂ ਬੰਦ ਕਰ ਦਿੱਤੀਆ ਹਨ ਆਉਣ ਵਾਲੇ ਸਮੇਂ ਵਿੱਚ ਆਮ ਆਦਮੀ ਪਾਰਟੀ ਨੂੰ ਇਸ ਦਾ ਖਮਿਆਜ਼ਾ ਭੁਗਤਨਾ ਪਵੇਗਾ ਇਸ ਮੌਕੇ ਉਨ੍ਹਾਂ ਨਾਲ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਡਾਕਟਰ ਜਗਬੀਰ ਸਿੰਘ ਧਰਮਸੋਤ ਸੀਨੀਅਰ ਅਕਾਲੀ ਆਗੂ ਬਲਵਿੰਦਰ ਸਿੰਘ ਸਾਬਕਾ ਸਰਪੰਚ ਨੰਗਲਝੋਰ ਅਮ੍ਰਿਤਪਾਲ ਸਿੰਘ ਢਪਈ ਜਗੀਰ ਸਿੰਘ ਅਤੇ ਸਮੂਹ ਅਕਾਲੀ ਦਲ ਦੇ ਆਗੂ ਹਾਜ਼ਰ ਸਨ।

# ਪਿੰਡ ਹਕੂਮਤ ਸਿੰਘ ਵਾਲਾ ਵਿਖੇ ਬਣ ਰਹੇ ਡੇਰੇ ਦਾ ਸਿੱਖ ਜਥੇਬੰਦੀਆਂ ਨੇ ਫਿਰ ਕੀਤਾ ਵਿਰੋਧ



ਫ਼ਿਰੋਜ਼ਪੁਰ, 12 ਫਰਵਰੀ (ਮਨੋਹਰ ਲਾਲ): ਪਿੰਡ ਹਕੂਮਤ ਸਿੰਘ ਵਾਲਾ ਵਿਖੇ ਬਣ ਰਹੇ ਡੇਰਾ ਸੱਚਾ ਸੌਦਾ ਨੂੰ ਬੰਦ ਕਰਵਾਉਣ ਲਈ ਸਿੱਖ ਜਥੇਬੰਦੀਆਂ ਨੇ ਇਕ ਵਾਰ ਫਿਰ ਪੁਲਿਸ ਪ੍ਰਸ਼ਾਸਨ ਤੱਕ ਕੀਤੀ ਪਹੁੰਚ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਖਵੀਰ ਸਿੰਘ ਸਰਪ੍ਰਸਤ ਸ੍ਰੀ ਗੁਰੂ ਗ੍ਰੰ ਸਾਹਿਬ ਸਤਿਕਾਰ ਕਮੇਟੀ, ਪੰਜਾਬ ਤੇ ਸਾਥੀਆਂ ਨੇ ਦੱਸਿਆ ਕਿ ਸਿਰਸਾ ਡੇਰੇ ਦੇ ਪੈਰੋਕਾਰਾਂ ਵੱਲੋਂ ਲਗਾਤਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਕਰਵਾਈ ਗਈ ਅਤੇ ਬੁਰਜ ਜਵਾਹਰ ਸਿੰਘ ਵਾਲਾ ਵਿਚ ਮਹਾਰਾਜ ਜੀ ਦਾ ਸਰੂਪ ਚੋਰੀ ਤੱਕ ਕਰਵਾਇਆ ਗਿਆ ਸੀ ਅਤੇ ਇਥੋਂ ਤੱਕ ਕਿਹਾ ਸੀ ਕਿ ਤੁਹਾਡਾ ਗੁਰੂ ਗ੍ਰੰਥ ਸਾਹਿਬ ਸਾਡੇ ਕੋਲ ਹੈ ਅਤੇ ਅਸੀਂ 10 ਲੱਖ ਰੁਪਏ ਇਨਾਮ ਦੇਵਾਂਗੇ, ਜੇ ਲੱਭ ਸਕਦੇ ਹੋ ਤਾਂ ਲੱਭ ਲਓ। ਗੱਲਬਾਤ ਕਰਦਿਆਂ ਸਤਨਾਮ ਸਿੰਘ ਵੱਲੀਆ ਇੰਟਰਨੈਸ਼ਨਲ ਪੰਥਕ ਦਲ, ਭਾਈ ਜ਼ਸਪਾਲ ਸਿੰਘ ਕੌਮੀ ਮੀਤ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ, ਕੁਲਦੀਪ ਸਿੰਘ ਨੰਢਾ, ਬਲਕਾਰ ਸਿੰਘ, ਕਲਗੀਧਰ ਅੰਮ੍ਰਿਤ ਸੰਚਾਰ ਜਥਾ ਅਤੇ ਹੋਰ ਸਿੱਖ ਜਥੇਬੰਦੀਆਂ ਦੇ ਆਗੂਆਂ ਛਿੰਦਰ ਸਿੰਘ, ਗੁਰਬਚਨ ਸਿੰਘ, ਬਾਬਾ ਬਲਕਾਰ ਸਿੰਘ, ਗੁਰਮੇਲ ਸਿੰਘ, ਪੂਰਨ ਸਿੰਘ, ਅਵਤਾਰ ਸਿੰਘ ਜ਼ੋਸਨ, ਜਗਤਾਰ ਸਿੰਘ, ਪਿੱਪਲ ਸਿੰਘ, ਸਰਬਜੀਤ ਸਿੰਘ ਨੇ ਕਿਹਾ ਕਿ ਸਿਰਸਾ ਡੇਰੇ ਦੇ ਪੈਰੋਕਾਰਾਂ ਵੱਲੋਂ ਜੀ.ਟੀ ਰੋਡ ਦੇ ਉਪਰ ਪਿੰਡ ਹਕੂਮਤ ਸਿੰਘ ਵਾਲਾ ਥਾਣਾ ਘੱਲ ਖੁਰਦ ਵਿਖੇ ਡੇਰੇ ਦੀ ਉਸਾਰੀ ਕੀਤੀ ਜਾ ਰਹੀ ਹੈ, ਜਿਸ ਨੂੰ ਤੁਰੰਤ ਬੰਦ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਵੀ ਪੁਲਿਸ ਪ੍ਰਸ਼ਾਸਨ ਨੂੰ ਇਸ ਸਬੰਧੀ ਪੱਤਰ ਲਿਖੇ ਸਨ, ਜਿਸ ਦੇ ਪੁਲਿਸ ਵੱਲੋਂ ਉਸਾਰੀ ਬੰਦ ਕਰਵਾ ਦਿੱਤੀ ਸੀ ਅਤੇ ਸਿਵਲ ਤੇ ਪੁਲਿਸ ਪ੍ਰਸ਼ਾਸਨ ਨੇ ਭਰੋਸਾ ਦਿਵਾਇਆ ਸੀ ਕਿ ਡੇਰਾ ਨਹੀਂ ਬਣੇਗਾ, ਪਰ ਹੁਣ 4-5 ਦਿਨਾਂ ਤੋਂ ਦੁਬਾਰਾ ਫਿਰ ਉਸਾਰੀ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਡੇਰਾ ਮੁਖੀ ਖੁਦ 302 ਅਤੇ 376 ਦੇ ਕੇਸਾਂ ਵਿਚ ਸਜਾ ਕੱਟ ਰਿਹਾ ਹੈ, ਜਿਨ੍ਹਾਂ ਚਿਰ ਇਨ੍ਹਾਂ ਦੋਸ਼ੀਆਂ ਤੇ ਕੇਸ ਚਲਦੇ ਹਨ, ਸਿੱਖ ਕੌਮ ਇਨ੍ਹਾਂ ਨੂੰ ਪੰਜਾਬ ਅੰਦਰ ਡੇਰੇ ਨਹੀਂ ਖੋਲਣ ਦੇਵੇਗੀ ਅਤੇ ਜਿਹੜੇ ਲੋਕ ਪਿੰਡ ਹਕੂਮਤ ਸਿੰਘ ਵਾਲਾ ਵਿਚ ਡੇਰੇ ਦੀ ਉਸਾਰੀ ਕਰਵਾ ਰਹੇ ਹਨ, ਉਨ੍ਹਾਂ ਦੋਸ਼ੀਆਂ ਦੇ ਖਿਲਾਫ ਤੁਰੰਤ ਕਾਰਵਾਈ ਕੀਤੀ ਜਾਵੇ ਅਤੇ ਅੱਗੇ ਤੋਂ ਡੇਰੇ ਬਨਣ ਤੇ ਰੋਕ ਲਗਾਈ ਜਾਵੇ ਅਤੇ ਡੇਰਾ ਸੀਲ ਕੀਤਾ ਜਾਵੇ।

# ਇੱਕ ਨਜ਼ਰ



## ਲਖੀਮਪੁਰ ਖੇੜੀ ਹਿੰਸਾ ਮਾਮਲੇ ਦੇ ਦੋਸ਼ੀ ਆਸ਼ੀਸ਼ ਮਿਸ਼ਰਾ ਦੀ ਜਮਾਨਤ ਦੀ ਮਿਆਦ ਸੁਪਰੀਮ ਕੋਰਟ ਨੇ ਵਧਾਈ

ਨਵੀਂ ਦਿੱਲੀ 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-ਲਖੀਮਪੁਰ ਖੇੜੀ ਹਿੰਸਾ ਮਾਮਲੇ ਦੇ ਦੋਸ਼ੀ ਆਸ਼ੀਸ਼ ਮਿਸ਼ਰਾ ਨੂੰ ਇਕ ਵਾਰ ਫਿਰ ਸੁਪਰੀਮ ਕੋਰਟ ਤੋਂ ਰਾਹਤ ਮਿਲੀ ਹੈ। ਸੁਪਰੀਮ ਕੋਰਟ ਨੇ ਕੇਂਦਰੀ ਮੰਤਰੀ ਅਜੈ ਕੁਮਾਰ ਮਿਸ਼ਰਾ ਦੇ ਬੇਟੇ ਦੀ ਅੰਤਰਿਮ ਜ਼ਮਾਨਤ ਦੀ ਮਿਆਦ ਵਧਾ ਦਿੱਤੀ ਹੈ। ਜਸਟਿਸ ਸੂਰਿਆ ਕਾਂਤ ਅਤੇ ਕੇਵੀ ਵਿਸ਼ਵਨਾਥਨ ਦੇ ਬੈਂਚ ਨੇ ਸੁਪਰੀਮ ਕੋਰਟ ਦੀ ਰਜਿਸਟਰੀ ਨੂੰ ਮਾਮਲੇ ਦੀ ਪ੍ਰਗਤੀ ਬਾਰੇ ਹੇਠਲੀ ਅਦਾਲਤ ਤੋਂ ਰਿਪੋਰਟ ਪ੍ਰਾਪਤ ਕਰਨ ਦਾ ਨਿਰਦੇਸ਼ ਦਿੱਤਾ ਅਤੇ ਮਾਮਲੇ ਦੀ ਸੁਣਵਾਈ ਮੁਲਤਵੀ ਕਰ ਦਿੱਤੀ। ਜਿਕਰਯੋਗ ਹੈ ਕਿ ਪਿਛਲੇ ਸਾਲ 26 ਸਤੰਬਰ ਨੂੰ ਸੁਪਰੀਮ ਕੋਰਟ ਨੇ ਲਖੀਮਪੁਰ ਖੇੜੀ ਹਿੰਸਾ ਮਾਮਲੇ ਦੇ ਦੋਸ਼ੀ ਆਸ਼ੀਸ਼ ਮਿਸ਼ਰਾ ਨੂੰ ਦਿੱਲੀ ਦੇ ਹਸਪਤਾਲ ਜਾਣ ਦੀ ਇਜਾਜ਼ਤ ਦਿੱਤੀ ਸੀ। ਹਾਲਾਂਕਿ, ਸਿਖਰਲੀ ਅਦਾਲਤ ਨੇ ਉਨ੍ਹਾਂ ਨੂੰ ਕਿਸੇ ਵੀ ਜਨਤਕ ਸਮਾਗਮ ਵਿੱਚ ਸ਼ਾਮਲ ਨਾ ਹੋਣ ਅਤੇ ਮੀਡੀਆ ਨਾਲ ਗੱਲ ਨਾ ਕਰਨ ਦਾ ਆਦੇਸ਼ ਦਿੱਤਾ ਸੀ। ਸਿਖਰਲੀ ਅਦਾਲਤ ਨੇ ਆਸ਼ੀਸ਼ ਨੂੰ ਆਪਣੀ ਬੀਮਾਰ ਮਾਂ ਦੀ ਦੇਖਭਾਲ ਕਰਨ ਅਤੇ ਆਪਣੀ ਧੀ ਦਾ ਇਲਾਜ ਕਰਵਾਉਣ ਲਈ ਦਿੱਲੀ ਜਾਣ ਦੀ ਇਜਾਜ਼ਤ ਦਿੱਤੀ ਸੀ। ਸੁਪਰੀਮ ਕੋਰਟ ਨੇ 25 ਜਨਵਰੀ ਨੂੰ ਹੇਠਲੀ ਅਦਾਲਤ ਵੱਲੋਂ ਮਿਸ਼ਰਾ ਨੂੰ ਦਿੱਤੀ ਅੰਤਰਿਮ ਜ਼ਮਾਨਤ ਦੀਆਂ ਸ਼ਰਤਾਂ ਵਿੱਚ ਢਿੱਲ ਦਿੱਤੀ ਸੀ। ਮਿਸ਼ਰਾ ਨੂੰ ਇਸ ਦੌਰਾਨ ਉੱਤਰ ਪ੍ਰਦੇਸ਼ ਜਾਂ ਦਿੱਲੀ ਵਿੱਚ ਨਾ ਰਹਿਣ ਲਈ ਕਿਹਾ ਗਿਆ ਹੈ। ਲਖੀਮਪੁਰ ਖੇੜੀ ਦੇ ਕਿਸਾਨ 3 ਅਕਤੂਬਰ 2021 ਨੂੰ ਉੱਤਰ ਪ੍ਰਦੇਸ਼ ਦੇ ਉਪ ਮੁੱਖ ਮੰਤਰੀ ਕੇਸ਼ਵ ਪ੍ਰਸਾਦ ਮੌਰਿਆ ਦੀ ਫੇਰੀ ਦਾ ਵਿਰੋਧ ਕਰ ਰਹੇ ਸਨ। ਇਸ ਦੌਰਾਨ ਇੱਕ ਐਸਯੂਵੀ ਨੇ ਪ੍ਰਦਰਸ਼ਨ ਕਰ ਰਹੇ ਕਿਸਾਨਾਂ ਨੂੰ ਕੁਚਲ ਦਿੱਤਾ। ਜਿਸ ਵਿੱਚ ਚਾਰ ਕਿਸਾਨਾਂ ਦੀ ਮੌਤ ਹੋ ਗਈ ਸੀ । ਇਸ ਤੋਂ ਬਾਅਦ ਗੁੱਸੇ 'ਚ ਆਏ ਲੋਕਾਂ ਨੇ ਐਸਯੂਵੀ ਡਰਾਈਵਰ ਅਤੇ ਭਾਜਪਾ ਦੇ ਦੋ ਵਰਕਰਾਂ ਦੀ ਕੁੱਟਮਾਰ ਕੀਤੀ ਸੀ । ਇਸ ਹਿੰਸਾ ਵਿੱਚ ਇੱਕ ਪੱਤਰਕਾਰ ਦੀ ਵੀ ਮੌਤ ਹੋ ਗਈ ਸੀ। ਇਸ ਘਟਨਾ ਨੂੰ ਲੈ ਕੇ ਵਿਰੋਧੀ ਧਿਰ ਅਤੇ ਕਿਸਾਨ ਜਥੇਬੰਦੀਆਂ ਨੇ ਹੰਗਾਮਾ ਕੀਤਾ। ਬੀਤੇ ਸਾਲ 11 ਜੁਲਾਈ ਨੂੰ ਸੁਪਰੀਮ ਕੋਰਟ ਨੇ ਮੁੱਖ ਦੋਸ਼ੀ ਆਸ਼ੀਸ਼ ਮਿਸ਼ਰਾ ਨੂੰ ਅੰਤਰਿਮ ਜ਼ਮਾਨਤ 'ਤੇ ਰਿਹਾਅ ਕਰਨ ਦਾ ਹੁਕਮ ਦਿੱਤਾ ਸੀ।

## ਡੇਅਰੀ ਸਿਖਲਾਈ ਨਾਲ ਸਬੰਧਤ ਕੋਰਸ 19 ਫਰਵਰੀ ਤੋਂ 19 ਮਾਰਚ 2024 ਤੱਕ ਚੱਲੇਗਾ: ਡਿਪਟੀ ਡਾਇਰੈਕਟਰ ਗੁਰਦਾਸਪੁਰ



ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਫਰਵਰੀ (ਕੁਲਜੀਤ ਸਿੰਘ ਖੋਖਰ)- ਪੰਜਾਬ ਡੇਅਰੀ ਵਿਕਾਸ ਬੋਰਡ/ਵਿਭਾਗ ਵੱਲੋਂ ਚਾਰ ਹਫ਼ਤੇ ਡੇਅਰੀ ਉੱਦਮ ਸਿਖਲਾਈ ਕੋਰਸ ਮਿਤੀ 19 ਫਰਵਰੀ 2024 ਤੋਂ 19 ਮਾਰਚ 2024 (ਚਾਰ ਹਫ਼ਤੇ) ਡੇਅਰੀ ਸਿਖਲਾਈ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10ਵੀਂ ਪਾਸ ਹੋਣ, ਉਮਰ 18 ਤੋਂ 55 ਸਾਲ ਦਰਮਿਆਨ ਹੋਵੇ,ਪੇਂਡੂ ਖੇਤਰ ਨਾਲ ਸਬੰਧਿਤ ਹੋਣ ਅਤੇ ਉਨ੍ਹਾਂ ਨੇ ਪਹਿਲਾਂ ਘੱਟੋ ਘੱਟ 05 ਪਸ਼ੂ ਰੱਖੇ ਹੋਣ ਇਸ ਸਿਖਲਾਈ ਵਿੱਚ ਭਾਗ ਲੈ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਸ੍ਰੀ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਦਾਸਪੁਰ ਨੇ ਦੱਸਿਆ ਕਿ ਇਸ ਸਿਖਲਾਈ ਕੋਰਸ ਵਿੱਚ ਡੇਅਰੀ ਫਾਰਮਰਜ਼ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਿਰਾਂ ਵੱਲੋਂ ਪਸ਼ੂਆਂ ਦੀ ਸਾਂਭ ਸੰਭਾਲ ਵੱਖ-ਵੱਖ ਬਿਮਾਰੀਆਂ, ਮਨਸੂਹੀ ਗਰਭਦਾਨ, ਦੁੱਧ ਤੋਂ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ। ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸ਼ੈੱਡਾਂ ਦੀ ਉਸਾਰੀ, ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦਾ ਮੁਕੰਮਲ ਮਸ਼ੀਨੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸਿਖਲਾਈ ਕੋਰਸ ਲਈ ਕੌਂਸਲਿੰਗ ਮਿਤੀ 14 ਫਰਵਰੀ 2024 ਨੂੰ ਸਵੇਰੇ 10:00 ਵਜੇ ਦਫ਼ਤਰ ਇੰਚਾਰਜ ਡੇਅਰੀ ਸਿਖਲਾਈ ਤੇ ਵਿਸਥਾਰ ਕੇਂਦਰ ਵੇਰਕਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਰੱਖੀ ਗਈ ਹੈ। ਚੁਣੇ ਹੋਏ ਸਿੱਖਿਆਰਥੀ ਜਨਰਲ ਕੈਟਾਗਰੀ ਲਈ ਫ਼ੀਸ 5000/- ਅਤੇ ਅ: ਜਾਤੀ ਲਈ 4000/- ਫ਼ੀਸ ਹੋਵੇਗੀ। ਅ:ਜਾਤੀ ਸਿੱਖਿਆਰਥੀਆਂ ਦੀ ਫ਼ੀਸ ਟਰੇਨਿੰਗ ਉਪਰੰਤ ਰਿਫੰਡ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਫੋਨ ਨੰਬਰ 80548-00880 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਖੇਤੀ ਹਾਦਸਿਆਂ ਦੇ ਪੀੜਤਾਂ ਨੂੰ ਵਿੱਤੀ ਸਹਾਇਤਾ ਵਜੋਂ ਚੈਕ ਪ੍ਰਦਾਨ

ਭਵਾਨੀਗੜ੍ਹ, ਸੰਗਰੂਰ, 12 ਫਰਵਰੀ (ਰਣਜੀਤ ਸਿੰਘ ਪੇਧਨੀ)-ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਮਾਰਕੀਟ ਕਮੇਟੀ ਦਫ਼ਤਰ ਭਵਾਨੀਗੜ੍ਹ ਵਿਖੇ ਵੱਖ ਵੱਖ ਖੇਤੀ ਹਾਦਸਿਆਂ ਦੇ ਪੀੜਤਾਂ ਅਤੇ ਆਸ਼ਿਰਤਾਂ ਨੂੰ ਵਿੱਤੀ ਸਹਾਇਤਾ ਵਜੋਂ ਚੈਕ ਪ੍ਰਦਾਨ ਕੀਤੇ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਹਰ ਯੋਜਨਾ ਤਹਿਤ ਲਾਭਪਾਤਰੀਆਂ ਨੂੰ ਉਨ੍ਹਾਂ ਦੇ ਬਣਦੇ ਲਾਭ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਇਸ ਦੌਰਾਨ ਹਲਕਾ ਸੰਗਰੂਰ ਅਧੀਨ ਆਉਂਦੇ ਵੱਖ ਵੱਖ ਪਿੰਡਾਂ ਘਰਾਚੋਂ, ਮਾਝੀ, ਕਪਿਆਲ, ਬਟੜਿਆਣਾ, ਬਖਤੜੀ, ਬਾਸੀਅਰਖ, ਘਨੌੜ ਜੱਟਾਂ, ਰੇਤਗੜ੍ਹ ਅਤੇ ਗਹਿਲਾਂ ਪੱਤੀ ਦੇ ਕਿਸਾਨ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦੇ ਚੈਕ ਪ੍ਰਦਾਨ ਕੀਤੇ। ਇਸ ਮੌਕੇ ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਖੇਤੀ ਮਸ਼ੀਨਰੀ ਕਾਰਨ ਹਾਦਸਿਆਂ ਦਾ ਸ਼ਿਕਾਰ ਹੋਣ ਵਾਲੇ ਕਿਸਾਨਾਂ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਵਿੱਤੀ ਮਦਦ ਮੁਹੱਈਆ ਕਰਵਾਈ ਜਾਂਦੀ ਹੈ ਅਤੇ ਸਮੇਂ ਸਮੇਂ 'ਤੇ ਸਬੰਧਤ ਵਿਭਾਗਾਂ ਦੁਆਰਾ ਪੜਤਾਲ ਕਰਵਾ ਕੇ ਤਰਜੀਹ ਦੇ ਆਧਾਰ 'ਤੇ ਇਹ ਚੈਕ ਪੀੜਤ ਪਰਿਵਾਰਾਂ ਨੂੰ ਸੌਂਪੇ ਜਾਂਦੇ ਹਨ। ਵਿਧਾਇਕ ਨੇ ਕਿਹਾ ਕਿ ਭਵਿੱਖ ਵਿੱਚ ਵੀ ਇਹ ਉਪਰਾਲੇ ਜਾਰੀ ਰੱਖੇ ਜਾਣਗੇ ਅਤੇ ਖੇਤੀ ਹਾਦਸਿਆਂ ਦਾ ਸ਼ਿਕਾਰ ਹੋਣ ਵਾਲਾ ਕੋਈ ਵੀ ਵਿਅਕਤੀ ਜਾਂ ਵਾਰਸ ਇਸ ਸੁਵਿਧਾ ਦਾ ਲਾਭ ਉਠਾਉਣ ਲਈ ਮਾਰਕੀਟ ਕਮੇਟੀ ਦਫ਼ਤਰ ਕੋਲ ਪਹੁੰਚ ਕਰ ਸਕਦਾ ਹੈ।ਇਸ ਮੌਕੇ ਸਕੱਤਰ ਕੁਲਵੰਤ ਸਿੰਘ, ਅਨਾਜ ਮੰਡੀ ਦੇ ਪ੍ਰਧਾਨ ਪਰਦੀਪ ਮਿੱਤਲ ਅਤੇ ਆਪ ਆਗੂ ਹਰਮਨਦੀਪ ਕੌਰ ਸੰਗਰੂਰ ਵੀ ਹਾਜ਼ਰ ਸਨ।



### ਇਰਾਕ ਦੇ ਸ਼ਹਿਰ ਬਗਦਾਦ 'ਚ ਗੁਰੂ ਨਾਨਕ ਦੇਵ ਜੀ ਦੀ ਇਤਿਹਾਸਕ ਜਗ੍ਹਾ ਦੀ ਸਾਭ ਸੰਭਾਲ ਲਈ

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬੁੱਧੀ ਜੀਵੀ ਆਗੂਆਂ ਦਾ ਵਫਦ ਭੇਜਿਆ ਜਾਵੇ: ਰਿਆੜ

**ਬਗਦਾਦ ਸਹਿਰ ਵਿੱਚ ਗੁਰੂ ਨਾਨਕ ਦੇਵ ਜੀ ਯਾਦ ਵਿੱਚ ਇਤਿਹਾਸ ਗੁਰਦੁਆਰਾ ਸਾਹਿਬ ਸਥਾਪਤ ਕੀਤਾ ਜਾਵੇ: ਗਗਨਦੀਪ ਸਿੰਘ ਰਿਆੜ • ਗੁਰੂ ਨਾਨਕ ਦੇਵ ਜੀ ਦੇ ਯਾਦ ਵਿੱਚ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਬਣਾਇਆ ਜਾਵੇ। ਕਿਉਂ ਕਿ ਇਹ ਇਤਿਹਾਸਕ ਜਗ੍ਹਾ ਗੁਰੂ ਨਾਨਕ ਦੇਵ ਜੀ ਯਾਦਗਾਰ ਨਾਲ ਸਬੰਧਤ ਹੈ**



ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਫ਼ਰਵਰੀ (ਕੁਲਜੀਤ ਸਿੰਘ ਖੋਖਰ)- ਇਰਾਕ ਦੇ ਬਗ.ਦਾਦ ਸ਼ਹਿਰ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਇਤਿਹਾਸਕ ਜਗ੍ਹਾ ਦੀ ਸਾਭ ਸੰਭਾਲ ਲਈ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਅੱਗੇ ਆਉਣਾ ਚਾਹੀਦਾ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਰਿਆੜ ਨੇ ਪਤਰਕਾਰਾਂ ਦੇ ਰੂਬਰੂ ਹੋ ਕੇ ਕੀਤਾ ਅਗੇ ਉਹਨਾਂ ਕਿਹਾ ਕਿ ਇਸ ਜਗ੍ਹਾ ਤੇ ਸ੍ਰੀ ਗੁਰੂ ਨਾਨਕ ਦੇਵ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਸਥਾਪਤ ਕੀਤਾ ਜਾਵੇ ਪੁਰਾਤਾਨ ਸਮੇਂ ਵਿੱਚ ਸ਼੍ਰੀ ਗੁਰੂ ਨਾਨਕ ਦੇਵ ਜੀ ਸ਼ਹਿਰ ਬਗ਼ਦਾਦ ਦੇ ਬਾਹਰ ਦਜ਼ਲਾ ਨਾਂ ਦਾ ਦਰਿਆ ਪਹੁੰਚੇ । ਉਸ ਦੇ ਕੰਢੇ ਇਕ ਫ਼ਕੀਰ ਝੌਂਪੜੀ ਬਣਾ ਕੇ ਰਹਿੰਦਾ ਸੀ। ਉਸ ਦਾ ਨਾਂ ਬਹਿਲੋਲ ਸੀ। ਉਸ ਨੇ ਆਪਣੇ ਮੁਰੀਦਾਂ ਕੋਲੋਂ ਬਾਬਾ ਨਾਨਕ ਦੀ ਸਿਫ਼ਤ-ਸਲਾਹ ਸੁਣੀ ਕਿ ਕਿਵੇਂ ਮੱਕਾ ਕਾਬਾ ਨੇ ਉਨ੍ਹਾਂ ਦਾ ਤੁਵਾਫ਼ (ਪਰਿਕਰਮਾ) ਕੀਤੀ। ਇਸ ਜਗ੍ਹਾ ਤੇ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਇਤਿਹਾਸਕ ਜਗ੍ਹਾ ਅੱਜ ਵੀ ਮੌਜੂਦ ਹੈ। ਸਿੱਖ ਸੰਸਥਾਵਾਂ ਵੱਲੋਂ ਇਸ ਦੀ ਸਾਭ ਸੰਭਾਲ ਨਾ ਕਰਨ ਕਰਕੇ ਅੱਜ ਗੁਰੂ ਨਾਨਕ ਦੇਵ ਬਗਦਾਦ ਇਰਾਕ ਵਾਲੀ ਇਤਿਹਾਸਕ ਜਗ੍ਹਾ ਦੀਆ ਨਿਸ਼ਾਨੀਆਂ ਅਲੋਪ ਹੁੰਦੀਆਂ ਜਾ ਰਹੀਆਂ ਹਨ ਇਹਨਾਂ ਜਗ੍ਹਾ ਨੂੰ ਸੰਭਾਲਣ ਵਾਸਤੇ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਇਰਾਕ ਸਰਕਾਰ ਨਾਲ ਵਿਚਾਰ ਵਟਾਂਦਰਾ ਕਰਨ ਲਈ ਇੱਕ ਵਫਦ ਭੇਜਿਆ ਜਾਵੇ ਜੋ ਉਥੇ ਦੀ ਸਾਰੀ ਜਾਣਕਾਰੀ ਇਕੱਤਰ ਕਰਕੇ ਕਰਕੇ ਰਿਪੋਰਟ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਨੂੰ ਸੌਂਪੇ ਜਾਵੇ,ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਰਿਆੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਰਾਕ. ਦੇ ਬਗਦਾਦ ਸਹਿਰ ਪਿਛਲੇ ਦਿਨੀਂ ਗੁਰਪ੍ਰੀਤ ਸਿੰਘ ਹਰਚੋਵਾਲ ਵੱਲੋਂ ਵਿਸ਼ੇਸ਼ ਤੌਰ ਦੋਰਾ ਆਪਣੇ ਸਾਥੀਆਂ ਨਾਲ ਕੀਤਾ ਉਨ੍ਹਾਂ ਇਸ ਜਗ੍ਹਾ ਬਾਰੇ ਵਿਸਥਾਰ ਨਾਲ ਦੱਸਿਆ ਗਿਆ। ਇਸ ਜਗ੍ਹਾ ਤੇ ਜੋ ਪੁਰਾਣੀਆਂ ਇਤਿਹਾਸਕ ਨਿਸ਼ਾਨੀਆਂ ਅਲੋਪ ਹੋ ਚੁੱਕੀਆਂ ਹਨ ਜੋ ਕਿਸੇ ਸਮੇਂ ਇੱਕ ਸਾਈਡ ਗੁਰੂ ਨਾਨਕ ਦੇਵ ਜੀ ਬਹੁਤ ਸਾਰੀਆਂ ਨਿਸ਼ਾਨੀਆ ਮੌਜੂਦ ਸਨ ਇਹ ਨਿਸ਼ਾਨੀਆਂ ਪੁਰਾਤਨ ਇਤਿਹਾਸ ਗੁਰੂ ਨਾਨਕ ਦੇਵ ਜੀ ਯਾਦਗਾਰ ਨਾਲ ਸੰਬੰਧਿਤ ਹੈ। ਜੋ ਹੋਲੀ ਹੋਲੀ ਲੋਪ ਹੋ ਰਹੀਆਂ ਹਨ ਅੱਜ ਇਸ ਜਗ੍ਹਾ ਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਪੁਰਾਣੀਆਂ ਤਸਵੀਰਾਂ ਮੌਜੂਦ ਹਨ। ਗਗਨਦੀਪ ਸਿੰਘ ਰਿਆੜ ਨੇ ਅੱਗੇ ਕਿਹਾ ਕਿ ਪੁਰਾਤਨ ਸਮੇਂ ਦੌਰਾਨ ਇਸ ਜਗ੍ਹਾ ਤੇ ਸ੍ਰੀ ਗੁਰੂ ਨਾਨਕ ਦੇਵ ਪੀਰ ਦਸਤਗੀਰ ਨਾਲ ਵਿਚਾਰ ਵਟਾਂਦਰਾ ਕੀਤਾ ਗਿਆ ਸੀ। ਉਸ ਸਮੇਂ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਭਾਈ ਮਰਦਾਨਾ ਦੁਨੀਆਂ ਨੂੰ ਤਾਰਦੇ ਹੋਏ, ਸਿੱਧੇ ਰਾਹ ਪਾਉਦੇ ਹੋਏ ਬਗਦਾਦ ਦੀ ਧਰਤੀ ਤੇ ਜਾ ਪੁੱਜੇ ਬਗਦਾਦ ਇਕ ਮੁਸਲਮਾਨ ਦੇਸ਼ ਦੀ ਰਾਜਧਾਨੀ ਹੈ ਜਿਸਦਾ ਨਾਮ ਹੈ ਇਰਾਕ ਗੁਰੂ ਨਾਨਕ ਜੀ ਤੇ ਭਾਈ ਮਰਦਾਨਾ ਜੀ ਨੇ ਅਮ੍ਰਿਤ ਵੇਲੇ ਸਤਿਨਾਮੁ ਵਾਹਿਗੁਰੂ ਦਾ ਉਚਾ ਸਾਰਾ ਜੈਕਾਰਾ ਲਾਇਆ ,ਭਾਈ ਮਰਦਾਨੇ ਨੇ ਰਬਾਬ ਵਜਾਉਣੀ ਸ਼ੁਰੂ ਕੀਤੀ ਤੇ ਗੁਰੂ ਜੀ ਨੇ ਇਲਾਹੀ ਬਾਣੀ ਦਾ ਕੀਰਤਨ ਕਰਨਾ ਸ਼ੁਰੂ ਕੀਤਾ ਪਰ ਮੁਸਲਮਾਨ ਦੇਸ਼ ਵਿੱਚ ਸੰਗੀਤ ਤੇ ਪਾਬੰਦੀ ਸੀ। ਉਥੇ ਕੋਈ ਸੰਗੀਤ ਨਹੀ ਸੀ ਗਾ ਸਕਦਾ ।ਗੁਰੂ ਨਾਨਕ ਦੇਵ ਜੀ ਨੂੰ ਗੁਰਬਾਣੀ ਗਾਉਦੇ ਦੇਖ ਕੇ ਲੋਕਾਂ ਨੂੰ ਗੁੱਸਾ ਆ ਗਿਆ ਤੇ ਉਹਨਾਂ ਨੇ ਗੁਰੂ ਜੀ ਤੇ ਮਰਦਾਨੇ ਤੇ ਪੱਥਰ ਮਾਰਨੇ ਸ਼ੁਰੂ ਕਰ ਦਿੱਤੇ । ਉਹਨਾਂ ਵਿੱਚੋ ਇਕ ਨੇ ਇਸ ਦੀ ਸ਼ਿਕਾਇਤ ਪੀਰ ਦਸਤਗੀਰ ਨੂੰ ਕਰ ਦਿੱਤੀ ।ਹੁਣ ਗੁਰੂ ਜੀ ਪੀਰ ਦਸਤਗੀਰ ਕੋਲ ਪਹੁੰਚ ਗਏ, ਪੀਰ ਨੇ ਗੁਰੂ ਜੀ ਨੂੰ ਕਿਹਾ ਫਕੀਰ ਤੈਨੂੰ ਪਤਾ ਨਹੀ ਇੱਥੇ ਸੰਗੀਤ ਗਾਉਣਾ ਮਨਾ ਹੈ, ਇੱਥੇ ਸ਼ਰੀਅਤ ਸਖ਼ਤ ਕਾਨੂੰਨ ਹੈ ਤੇ ਤੂੰ ਸੰਗੀਤ ਦੀਆਂ ਧੁੰਨਾਂ ਵਜਾਈ ਜਾ ਰਿਹਾ ਹੈ, ਗੁਰੂ ਜੀ ਨੇ ਪੀਰ ਨੂੰ ਦੱਸਿਆ ਕਿ ਸੰਗੀਤ ਨਾਲ ਜਰੂਰੀ ਨਹੀਂ ਗਾਣੇ ਹੀ ਗਾਏ ਜਾਂਦੇ ਨੇ ਇਸ ਨਾਲ ਰੱਬ ਦਾ ਨਾਮ ਵੀ ਲਿਆ ਜਾ ਸਕਦਾ ਹੈ ਤੇ ਇਸ ਨੂੰ ਕੀਰਤਨ ਕਹਿੰਦੇ ਨੇ, ਪੀਰ ਕੁਝ ਠੰਡਾ ਪੈ ਗਿਆ ਉਸਨੇ ਗੁਰੂ ਜੀ ਨੂੰ ਕਿਹਾ ਜੇ ਤੁਸੀਂ ਇੰਨੇ ਵੱਡੇ ਫਕੀਰ ਹੋ ਤੇ ਮੇਰਿਆਂ ਤਿੰਨ ਸਵਾਲਾਂ ਦੇ ਜਵਾਬ ਦੇ ਦਿਓ ਗੁਰੂ ਨਾਨਕ ਦੇਵ ਜੀ ਨੇ ਜਵਾਬ ਬਹੁਤ ਵਿਸਥਾਰਪੂਰਵਕ ਨਾਲ ਦਿੱਤੇ । ਅਗੇ ਗਗਨਦੀਪ ਸਿੰਘ ਰਿਆੜ ਨੇ ਕਿਹਾ ਕਿ ਅੱਜ ਸ਼ੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਇਸ ਜਗ੍ਹਾ ਤੇ ਬੁੱਧੀ ਜੀਵੀ ਆਗੂਆਂ ਦਾ ਇੱਕ ਵਫਦ ਭੇਜ ਕੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਇਤਿਹਾਸਕ ਅਸਥਾਨ ਨੂੰ ਸੰਭਾਲਣ ਲਈ ਇਰਾਕ. ਸਰਕਾਰ ਨਾਲ਼ ਵਿਚਾਰ ਵਟਾਂਦਰਾ ਕੀਤਾ ਜਾਵੇ ਤਾਂ ਉਸ ਜਗ੍ਹਾ ਤੇ ਸਿੱਖ ਧਰਮ ਵੱਲੋਂ ਗੁਰੂ ਨਾਨਕ ਦੇਵ ਜੀ ਦੇ ਯਾਦ ਵਿੱਚ ਗੁਰਦੁਆਰਾ ਸਾਹਿਬ ਦੀ ਇਮਾਰਤ ਨੂੰ ਬਣਾਇਆ ਜਾਵੇ। ਕਿਉਂ ਕਿ ਇਹ ਇਤਿਹਾਸਕ ਜਗ੍ਹਾ ਗੁਰੂ ਨਾਨਕ ਦੇਵ ਜੀ ਯਾਦਗਾਰ ਨਾਲ ਸਬੰਧਤ ਹੈ।

## ਗੁਰਮਤਿ ਅਤੇ ਮਾਂ ਬੋਲੀ ਪੰਜਾਬੀ ਦਾ ਪ੍ਰਚਾਰ-ਪ੍ਰਸਾਰ ਘਰ-ਘਰ ਤੱਕ ਪਹੁੰਚਾਉਣਾ ਸਾਡਾ ਮੁੱਖ ਮਕਸਦ : ਜਸਪ੍ਰੀਤ ਸਿੰਘ ਕਰਮਸਰ



ਨਵੀਂ ਦਿੱਲੀ, 12 ਫ਼ਰਵਰੀ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਵਿਭਾਗ ਦੇ ਮੁਖੀ ਜਸਪ੍ਰੀਤ ਸਿੰਘ ਕਰਮਸਰ ਅਤੇ ਉਨ੍ਹਾਂ ਦੀ ਟੀਮ ਵੱਲੋਂ ਗੁਰਮਤਿ ਅਤੇ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ-ਪ੍ਰਸਾਰ ਲਈ ਸਮੇਂ-ਸਮੇਂ 'ਤੇ ਕਈ ਪ੍ਰੋਗਰਾਮ ਉਲੀਕੇ ਜਾਂਦੇ ਹਨ ਤਾਂ ਜੋ ਘਰ-ਘਰ ਤੱਕ ਪੰਜਾਬੀ ਭਾਸ਼ਾ ਦਾ ਪ੍ਰਚਾਰ ਕੀਤਾ ਜਾ ਸਕੇ। ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਧਰਮ ਪ੍ਰਚਾਰ ਵਿਭਾਗ ਵੱਲੋਂ ਦਿੱਲੀ ਸਮੇਤ ਹੋਰ ਸੂਬਿਆਂ ਵਿਚ ਗੁਰਮਤਿ ਕੈਂਪ ਲਗਾਏ ਗਏ ਸਨ ਜਿਸ ਵਿਚ ਬੱਚਿਆਂ ਦੇ ਨਾਲ-ਨਾਲ ਪੰਜਾਬੀ ਅਧਿਆਪਕ, ਪ੍ਰਚਾਰਕ ਅਤੇ ਹੋਰਨਾਂ ਸੰਸਥਾਵਾਂ ਵੱਲੋਂ ਵਾਲੰਟੀਅਰ ਦੇ ਰੂਪ ਵਿਚ ਇਸ ਸੇਵਾ ਨੂੰ ਨਿਭਾਉਂਦੇ ਹੋਏ 14 ਹਜ਼ਾਰ ਤੋਂ ਵੱਧ ਬੱਚਿਆਂ ਨੂੰ ਮਾਂ ਬੋਲੀ ਪੰਜਾਬੀ ਨਾਲ ਜੋੜਿਆ ਗਿਆ। ਇਸ ਦੌਰਾਨ ਗੁਰਸਿੱਖੀ ਜੀਵਨ ਜਾਚ ਦੇ ਨਾਲ-ਨਾਲ ਪਾਠ ਕਰਨਾ, ਕੀਰਤਨ ਕਰਨਾ ਤੇ ਸਿੱਖ ਰਹਿਤ ਮਰਿਆਦਾ ਬਾਰੇ ਵੀ ਜਾਣਕਾਰੀ ਬੱਚਿਆਂ ਨੂੰ ਦਿੱਤੀ ਗਈ। ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਦਿੱਲੀ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਸਮੇਤ ਸਮੁੱਚੀ ਟੀਮ ਦਾ ਪ੍ਰਯੋਜਨ ਹੈ ਕਿ ਦਿੱਲੀ ਹੀ ਨਹੀਂ ਬਲਕਿ ਹੋਰ ਸੂਬਿਆਂ ਵਿੱਚ ਜਿੱਥੇ ਬੱਚੇ ਪੰਜਾਬੀ ਭਾਸ਼ਾ ਸਿੱਖਣਾ ਚਾਹੁੰਦੇ ਹਨ ਉੱਥੇ ਗੁਰਮਤਿ ਕੈਂਪ ਲਗਾ ਕੇ ਬੱਚਿਆਂ ਨੂੰ ਪੰਜਾਬੀ ਭਾਸ਼ਾ ਨਾਲ ਜੋੜਿਆ ਜਾਵੇ। ਉਨ੍ਹਾਂ ਕਿਹਾ ਕਿ ਮਾਤਾ-ਪਿਤਾ ਦਾ ਫਰਜ਼ ਬਣਦਾ ਹੈ ਕਿ ਉਹ ਘਰ ਵਿੱਚ ਆਪਣੇ ਬੱਚਿਆਂ ਨਾਲ ਪੰਜਾਬੀ ਭਾਸ਼ਾ ਵਿੱਚ ਹੀ ਗੱਲ ਕਰਨ। ਜੇਕਰ ਬੱਚਿਆਂ ਨੂੰ ਆਪਣੀ ਮਾਂ ਬੋਲੀ ਦਾ ਗਿਆਨ ਹੋਵੇਗਾ ਤਾਂ ਹੀ ਉਹ ਭਵਿੱਖ ਵਿੱਚ ਗੁਰੂ ਗ੍ਰੰਥ ਸਾਹਿਬ ਦਾ ਪਾਠ ਕਰ ਸਕਣਗੇ ਅਤੇ ਮਹਾਪੁਰਖਾਂ ਦੀ ਬਾਣੀ ਨਾਲ ਜੁੜ ਸਕਣਗੇ। ਸ: ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਜਿਨ੍ਹਾਂ ਅਧਿਆਪਕਾਂ, ਪ੍ਰਚਾਰਕਾਂ, ਸੰਸਥਾਵਾਂ ਨੇ ਧਰਮ ਪ੍ਰਚਾਰ ਕਮੇਟੀ ਦਿੱਲੀ ਕਮੇਟੀ ਦੇ ਸਹਿਯੋਗ ਨਾਲ ਗੁਰਮਤਿ ਕੈਂਪਾਂ ਨੂੰ ਸਫ਼ਲ ਬਣਾਇਆ ਸੀ, ਉਨ੍ਹਾਂ ਸਾਰਿਆਂ ਨੂੰ ਬੀਤੇ ਦਿਨੀਂ ਧਰਮ ਪ੍ਰਚਾਰ ਕਮੇਟੀ ਵੱਲੋਂ ਸਨਮਾਨਤ ਕੀਤਾ ਗਿਆ। ਦਿੱਲੀ ਦੇ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਕਰਵਾਏ ਗਏ ਸਮਾਗਮ ਵਿਚ ਕਮੇਟੀ ਦੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਸਾਰਿਆਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਉਨ੍ਹਾਂ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਸਾਲ 2024 ਵਿੱਚ ਪਹਿਲਾਂ ਨਾਲੋਂ ਵੱਧ ਬੱਚੇ ਗੁਰਮਤਿ ਕੈਂਪਾਂ ਦਾ ਹਿੱਸਾ ਬਣਨਗੇ।

## ਵਿਸਵ ਕੈਂਸਰ ਜਾਗਰੂਕਤਾ ਮੁਹਿੰਮ ਸੰਬਧੀ ਹਿੰਦੂ ਸਭਾ ਕਾਲਜ ਵਿਖੇ ਕਰਵਾਇਆ ਗਿਆ ਸਮਾਗਮ



ਚੌਕ ਮਹਿਤਾ, 12 ਫਰਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)- ਸਿਹਤ ਵਿਭਾਗ ਵਲੋਂ ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿਸ਼ਵ ਕੈਂਸਰ ਮੁਹਿੰਮ ਸੰਬਧੀ ਹਿੰਦੂ ਸਭਾ ਕਾਲਜ ਵਿਖੇ ਐਨ.ਜੀ.ਓ ਫੁਲਕਾਰੀ ਫਾਂਓਡੇਸ਼ਨ ਦੇ ਸਹਿਯੋਗ ਨਾਲ ਇੱਕ ਸਮਾਗਮ ਕਰਵਾਇਆ ਗਿਆ ।ਇਸ ਸਮਾਗਮ ਦੌਰਾਣ ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਨੀਲਮ ਅਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਭਾਰਤੀ ਧਵਨ ਨੇ ਕਿਹਾ ਕੈਂਸਰ ਦੀ ਜਲਦ ਪਹਿਚਾਣ ਹੀ ਉਸਦੇ ਇਲਾਜ ਵਿਚ ਮਦਦਗਾਰ ਸਾਬਿਤ ਹੁੰਦੀ ਹੈ, ਇਸ ਲਈ ਵਿਸਵ ਸਿਹਤ ਸੰਸਥਾ ਵਲੋਂ ਇਸ ਸਾਲ ਦਾ ਥੀਮ "ਕਲੋਜ ਦਾ ਕੇਅਰ ਗੈਪ" ਰਖਿਆ ਗਿਆ ਹੈ। ਉਹਨਾਂ ਆਖਿਆ ਕਿ ਇਸ ਮੁਹਿੰਮ ਦੌਰਾਣ ਜਿਲ੍ਹੇ ਭਰ ਵਿੱਚ ਵੱਖ-ਵੱਖ ਸਕੂਲਾਂ, ਕਾਲਜਾਂ, ਵਿਦਿਅਕ ਸੰਸਥਾਵਾਂ ਅਤੇ ਜਨਤਕ ਸੰਸਥਾਵਾਂ ਤੇ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਵਿਸ਼ੇਸ਼ ਕੰਪ ਲਗਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਕੈਂਸਰ ਦੇ ਆਮ ਲੱਛਣ ਛਾਤੀ ਵਿੱਚ ਗਿਲਟੀਆਂ, ਲਗਾਤਾਰ ਖਾਂਸੀ, ਮਹਾਂਵਾਰੀ ਵਿੱਚ ਜਿਆਦਾ ਖ਼ੂਨ ਆਉਣਾਂ, ਨਾਂ ਠੀਕ ਹੋਣ ਵਾਲੇ ਮੂੰਹ ਦੇ ਛਾਲੇ ਆਦਿ ਹਨ। ਇਸ ਲਈ ਸਾਨੂੰ ਸਮੇਂ-ਸਮੇਂ ਤੇ ਆਪਣੀ ਜਾਂਚ ਕਰਵਾਉਣੀ ਚਾਹੀਦੀ ਹੈ ਅਤੇ ਜੇਕਰ ਕੋਈ ਲੱਛਣ ਸਾਹਮਣੇ ਆਵੇ ਤਾਂ ਤੁਰੰਤ ਡਾਕਟਰੀ ਸਹਾਇਤਾ ਲੈਣੀ ਚਾਹੀਦੀ ਹੈ। ਡਾ ਰਸ਼ਮੀਂ ਵਲੋਂ ਕੈਸਰ ਦੇ ਲੱਛਣ, ਸਾਵਧਾਨੀਆਂ, ਬਚਾਓ ਅਤੇ ਇਲਾਜ ਸੰਬਧੀ ਵਿਸ਼ੇਸ਼ ਜਾਣਕਾਰੀ ਦਿੱਤੀ ਇਸ ਮੌਕੇ ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਸ਼ਮਾਂ, ਫੁਲਕਾਰੀ ਫਾਓਡੇਸ਼ਨ ਵਲੋਂ ਪ੍ਰਿਅੰਕਾ ਗੋਇਲ ਤੇ ਡਾ ਨੀਰੂ ਗੁਪਤਾ, ਵਾਈਸ ਪ੍ਰਿਸੀਪਲ ਸੰਜਯ ਖੰਨਾਂ, ਕਾਲਜ ਰਜਿਸਟਾਰ ਡਾ ਵਿਜੇ ਕੁਮਾਰ ਅਤੇ ਸਮੂਹ ਸਟਾਫ ਹਾਜਰ ਸਨ।

# ਇੱਕ ਨਜ਼ਰ



## ਹਜ਼ੂਰ ਸਾਹਿਬ ਬੋਰਡ ਦਾ ਨਵਾਂ ਐਕਟ ਲਾਗੂ ਕਰਣ ਵਿਰੁੱਧ ਮੁੱਖ ਮੰਤਰੀ ਮਹਾਂਰਾਸ਼ਟਰ ਏਕਨਾਥ ਛਿੰਦੇ ਦੇ ਨਾਮ ਮੰਗ ਪੱਤਰ ਸੌਂਪਿਆ: ਸਰਨਾ

ਨਵੀਂ ਦਿੱਲੀ 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):-ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਸ. ਪਰਮਜੀਤ ਸਿੰਘ ਸਰਨਾ ਦੀ ਅਗਵਾਈ ਵਿੱਚ ਮਹਾਂਰਾਸ਼ਟਰ ਸਦਨ ਦਿੱਲੀ ਵਿਖੇ ਰੈਜ਼ੀਡੈਂਟ ਕਮਿਸ਼ਨਰ ਸ. ਰੁਪਿੰਦਰ ਸਿੰਘ ਨੂੰ ਮੁੱਖ ਮੰਤਰੀ ਮਹਾਂਰਾਸ਼ਟਰ ਏਕਨਾਥ ਛਿੰਦੇ ਦੇ ਨਾਮ ਮੰਗ ਪੱਤਰ ਸੌਂਪਿਆ ਗਿਆ । ਜਿਸ ਰਾਹੀਂ ਤਖ਼ਤ ਸੱਚਖੰਡ ਅਬਿਚਲ ਨਗਰ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਪ੍ਰਬੰਧਕ 1956 ਦੀ ਐਕਟ ਨੂੰ ਰੱਦ ਕਰਕੇ ਨਵਾਂ ਐਕਟ ਲਾਗੂ ਕਰਨ ਦਾ ਵਿਰੋਧ ਕਰਦਿਆਂ ਇਸ ਮਸਲੇ ਮੁੱਖ ਮੰਤਰੀ ਤੋਂ ਵਿਚਾਰ ਕਰਨ ਲਈ ਸਮਾਂ ਮੰਗਿਆ ਹੈ। ਆਪਣੇ ਪੱਤਰ ਵਿੱਚ ਸ. ਸਰਨਾ ਨੇ ਕਿਹਾ ਕਿ ਇਹ ਐਕਟ ਇਕਪਾਸੜ ਹੈ ਜੋ ਬਿਨਾ ਸਿੱਖਾਂ ਨਾਲ ਸਲਾਹ ਮਸ਼ਵਰਾ ਕੀਤੇ ਲਿਆਂਦਾ ਗਿਆ ਹੈ। ਇਸ ਕਦਮ ਨੇ ਸਾਡੀਆਂ ਧਾਰਮਿਕ ਸੰਸਥਾਵਾਂ ਦੀ ਪਵਿੱਤਰਤਾ ਅਤੇ ਖੁਦਮੁਖਤਿਆਰੀ 'ਤੇ ਸੰਭਾਵੀ ਉਲੰਘਣਾ ਬਾਰੇ ਗੰਭੀਰ ਚਿੰਤਾਵਾਂ ਪੈਦਾ ਕੀਤੀਆਂ ਹਨ। ਸਥਿਤੀ ਦੀ ਗੰਭੀਰਤਾ ਅਤੇ ਸਿੱਖਾਂ ਵਿੱਚ ਵਿਆਪਕ ਅਸੰਤੋਸ਼ ਦੇ ਮੱਦੇਨਜ਼ਰ ਇਸ ਮਸਲੇ ਤੇ ਗੱਲ ਬਾਤ ਹੋਣਾ ਬਹੁਤ ਜ਼ਰੂਰੀ ਹੈ । ਇਸਦੇ ਨਾਲ ਹੀ ਉਹਨਾਂ ਕਿਹਾ ਕਿ ਉਹ ਸਿਰਫ ਵਿਰੋਧ ਕਰਨ ਲਈ ਵਿਰੋਧ ਕਰ ਰਹੇ ਸਗੋਂ ਅਜਿਹਾ ਮਤਾ ਪਾਉਣਾ ਦੀ ਮੰਗ ਕਰਦੇ ਹਨ ਜੋ ਧਾਰਮਿਕ ਆਜ਼ਾਦੀ ਦੇ ਸਿਧਾਂਤਾਂ ਨੂੰ ਬਰਕਰਾਰ ਰੱਖਦਾ ਹੈ ਅਤੇ ਧਾਰਮਿਕ ਆਜ਼ਾਦੀ ਦਾ ਸਨਮਾਨ ਕਰਦਾ ਹੈ। ਉਹਨਾਂ ਇਸ ਮਸਲੇ ਤੇ ਮੁੱਖ ਮੰਤਰੀ ਤੋਂ ਹਾਂ ਪੱਖੀ ਹੁੰਗਾਰੇ ਦੀ ਆਸ ਕਰਦਿਆਂ ਜਲਦੀ ਮੁਲਕਾਤ ਲਈ ਵੀ ਸਮਾਂ ਮੰਗਿਆ ਹੈ। ਇਸ ਮੌਕੇ ਸ. ਮਨਜੀਤ ਸਿੰਘ ਜੀ.ਕੇ, ਸ. ਕਰਤਾਰ ਸਿੰਘ ਚਾਵਲਾ, ਪਰਮਜੀਤ ਸਿੰਘ ਰਾਣਾ, ਸ. ਸਰਬਜੀਤ ਸਿੰਘ ਡਾਰਾ, ਸ. ਜਤਿੰਦਰ ਸਿੰਘ ਸੋਨੂੰ, ਸ. ਸਤਨਾਮ ਸਿੰਘ ਖੀਵਾ, ਸ. ਮਹਿੰਦਰ ਸਿੰਘ ਆਦਿ ਹਾਜ਼ਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਘਰ ਘਰ ਰਾਸਨ ਵਾਲੀ ਸਕੀਮ ਚਲਾ ਕੇ ਮੁੱਖ ਮੰਤਰੀ ਨੇ ਗਰੀਬਾਂ ਦਾ ਦਿਲ ਜਿੱਤਿਆ: ਆਪ ਆਗੂ




ਧੂਰੀ, 12 ਫਰਵਰੀ (ਰਣਜੀਤ ਸਿੰਘ ਪੇਧਨੀ)- ਪੰਜਾਬ ਦੇ ਮੁੱਖ ਮੰਤਰੀ ਸ,ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਜਦੋਂ ਤੋਂ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ ਉਸ ਦਿਨ ਤੋਂ ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਚਲਾ ਕੇ ਲੋਕਾਂ ਦਾ ਦਿਲ ਜਿੱਤਿਆ ਜਾ ਰਿਹਾ ਹੈ।ਪਿਛਲੇ ਦਿਨੀ ਮੁੱਖ ਮੰਤਰੀ ਵੱਲੋਂ ਚੋਣਾਂ ਦੌਰਾਨ ਕੀਤੇ ਹੋਏ ਇਕ ਹੋਰ ਵਾਅਦੇ ਨੂੰ ਪੂਰਾ ਕਰਦਿਆਂ ਘਰ ਘਰ ਰਾਸ਼ਨ ਪਹੁੰਚਾਉਣ ਵਾਲੀਆਂ ਗੱਡੀਆਂ ਨੂੰ ਰਵਾਨਾ ਕੀਤਾ ਗਿਆ ਇਸ ਦੇ ਨਾਲ ਪਿੰਡਾਂ ਦੇ ਵਿੱਚ ਵਸਦੇ ਗਰੀਬ ਲੋਕਾਂ ਨੂੰ ਕਾਫੀ ਰਾਹਤ ਮਿਲੇਗੀ।ਪੰਜਾਬ ਸਰਕਾਰ ਦਾ ਇਹ ਫੈਸਲਾ ਬਹੁਤ ਹੀ ਸਲਾਂਘਾਯੋਗ ਫੈਸਲਾ ਹੈ।ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਗੁਰਮੇਲ ਸਿੰਘ ਘਨੌਰੀ, ਆਪ ਆਗੂ ਮਾਸਟਰ ਕੁਲਵੰਤ ਸਿੰਘ ਘਨੌਰੀ ,ਆਪ ਆਗੂ ਪੰਚ ਜੁਗਰਾਜ ਸਿੰਘ ਘਨੌਰੀ, ਆਪ ਆਗੂ ਅਵਤਾਰ ਸਿੰਘ ਤਾਰੀ ਭਸੌੜ ਅਤੇ ਆਪ ਆਗੂ ਖਾਲਿਦ ਖਾਨ ਦੁਗਣੀ ਨੇ ਸਾਂਝੇ ਤੌਰ ਤੇ ਕੀਤਾ। ਆਗੂਆ ਨੇ ਕਿਹਾ ਪਹਿਲਾ ਸਰਕਾਰ ਵੱਲੋਂ ਪਿੰਡਾਂ ਵਿੱਚ ਫ੍ਰੀ ਕੈਂਪ ਲਗਾ ਕੇ ਲੋਕਾਂ ਦਾ ਕੰਮ ਹੋਰ ਵੀ ਸੁਖਾਲਾ ਕੀਤਾ ਹੈ ਜਿਸ ਵਿੱਚ ਤਹਿਸੀਲ ਪੱਧਰ ਦੇ ਕੰਮ ਲੋਕਾਂ ਦੀਆਂ ਸੱਥਾਂ ਵਿੱਚ ਬੈਠ ਕੇ ਆਪ ਸਰਕਾਰ ਤੁਹਾਡੇ ਦੁਆਰ ਸਕੀਮ ਅਧੀਨ ਲੋਕਾਂ ਨੂੰ ਮੈਰਿਜ ਸਰਟੀਫਿਕੇਟ, ਜਨਮ ਸਰਟੀਫਿਕੇਟ, ਆਮਦਨ ਸਰਟੀਫਿਕੇਟ, ਹਲਫ਼ੀਆ ਬਿਆਨ ਦੀ ਤਸਦੀਕ, ਲਾਭਪਾਤਰੀਆਂ ਦੇ ਬੱਚਿਆਂ ਨੂੰ ਵਜ਼ੀਫੇ, ਰਿਹਾਇਸ਼ ਸਰਟੀਫਿਕੇਟ, ਅਨੁਸੂਚਿਤ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਸਰਟੀਫਿਕੇਟ, ਉਸਾਰੀ ਕਿਰਤੀਆਂ ਦੀ ਰਜ਼ਿਸਟ੍ਰੇਸ਼ਨ, ਬੁਢਾਪਾ ਪੈਨਸ਼ਨ, ਬਿਜਲੀ ਬਿੱਲ ਦਾ ਭੁਗਤਾਨ, ਜਨਮ ਸਰਟੀਫਿਕੇਟ ਵਿੱਚ ਨਾਮ ਦਰਜ ਸਬੰਧੀ ਆਦਿ ਸਰਟੀਫਿਕੇਟ ਬਣਾ ਕੇ ਦਿੱਤੇ ਜਾ ਰਹੇ ਹਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਪੱਤਰਕਾਰ ਜਗਦੀਸ਼ ਸਿੰਘ ਨੂੰ ਸਦਮਾ, ਭਰਾ ਦਮਾਦ ਦਾ ਹੋਇਆ ਦੇਹਾਂਤ



ਚੌਕ ਮਹਿਤਾ, 12 ਫਰਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਅਜੀਤ ਅਖਬਾਰ ਦੇ ਪੱਤਰਕਾਰ ਜਗਦੀਸ਼ ਸਿੰਘ ਬਮਰਾਹ ਦੇ ਬੰਬੇ ਵਾਲੇ ਛੋਟੇ ਭਰਾ ਰਣਜੀਤ ਸਿੰਘ ਬਮਰਾਹ ਦਾ ਦਾਮਾਦ ਅਤੇ ਮਨਪ੍ਰੀਤ ਕੌਰ ਦਾ ਪਤੀ ਸ੍ਰ ?ਅਮਰੀਕ ਸਿੰਘ ( 35 ) ਪੁੱਤਰ ਸ੍ਰ ਭਗਵਾਨ ਸਿੰਘ ਵਾਸੀ ਮੁੰਬਈ ਕੱਲ 11ਫਰਵਰੀ 2024 ਨੂੰ ਮੁੰਬਈ ਦੇ ਅਪੋਲੋ ਹਸਪਤਾਲ ਵਿੱਚ ਜ਼ਿੰਦਗੀ ਮੌਤ ਦੀ ਲੜਾਈ ਹਾਰ ਗਏ ਉਹ ਬ੍ਰੇਨ ਟਿਊਮਰ ਦੀ ਬੀਮਾਰੀ ਤੋਂ ਪੀੜਤ ਸਨ ਅਤੇ ਕੈਨੇਡਾ ਤੋਂ ਬੀਮਾਰੀ ਦੀ ਹਾਲਤ ਵਿੱਚ ਵਾਪਿਸ ਮੁੰਬਈ ਆ ਕੇ ਉਹਨਾਂ ਨੇ ਦੋ ਮਹੀਨੇ ਤੋਂ ਉੱਪਰ ਜ਼ਿੰਦਗੀ ਮੌਤ ਦੀ ਲੜਾਈ ਲੜੀ ਪਰ ਕੱਲ ਬੇਹੋਸ਼ੀ ਦੀ ਹਾਲਤ ਵਿੱਚ ਹੀ ਕੱਲ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ।

## ਜਨਮ ਦਿਨ ਮੁਬਾਰਕ



ਮਨਰਾਜ ਸਿੰਘ ਪੁੱਤਰ ਬਲਜਿੰਦਰ ਸਿੰਘ ਅਤੇ ਮਾਤਾ ਰਾਜਬੀਰ ਕੌਰ ਵਾਸੀ ਚੰਨਣਕੇ ਨੂੰ ਜਨਮਦਿਨ ਦੀਆਂ ਆਵਾਜ਼ਿ ਕੌਮ ਵੱਲੋਂ ਵਧਾਈਆਂ।

### ਕਿਸਾਨ ਵਿਰੋਧ ਦੇ ਖਿਲਾਫ ਤਾਨਾਸ਼ਾਹੀ ਢੰਗ ਛੱਡ ਸਰਕਾਰ ਮੰਗਾ ਨੂੰ ਕਰੇ ਹੱਲ : ਸੰਯੁਕਤ ਕਿਸਾਨ ਮੋਰਚਾ

## 16 ਫਰਵਰੀ ਦੇ ਦੇਸ਼ ਵਿਆਪੀ ਵਿਰੋਧ ਐਕਸ਼ਨ ਤੋਂ ਪਹਿਲਾਂ ਕੋਈ ਚਰਚਾ ਕਿਉਂ ਨਹੀਂ.. ?

**ਐਸਕੇਐਮ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਇਹ ਸਪੱਸ਼ਟ ਕਰਨ ਦੀ ਅਪੀਲ ਕੀਤੀ ਹੈ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੀ ਰੋਜ਼ੀ-ਰੋਟੀ ਦੀਆਂ ਮੰਗਾਂ 'ਤੇ 16 ਫਰਵਰੀ 2024 ਨੂੰ ਦੇਸ਼ ਵਿਆਪੀ ਗ੍ਰਾਮੀਣ ਬੰਦ ਅਤੇ ਉਦਯੋਗਿਕ/ਖੇਤਰੀ ਹੜਤਾਲ ਦੇ ਸੱਦੇ ਦੇ ਸੰਦਰਭ ਵਿੱਚ ਕਿਸਾਨਾਂ ਅਤੇ...**




ਨਵੀਂ ਦਿੱਲੀ 12 ਫਰਵਰੀ (ਮਨਪ੍ਰੀਤ ਸਿੰਘ ਖਾਲਸਾ):- ਸੰਯੁਕਤ ਕਿਸਾਨ ਮੋਰਚਾ ਐਸਕੇਐਮ ਨੇ ਮੋਦੀ ਸਰਕਾਰ ਵੱਲੋਂ ਪੰਜਾਬ ਅਤੇ ਦਿੱਲੀ ਦੀਆਂ ਸਰਹੱਦਾਂ ਵਿੱਚ ਹਾਈਵੇਅ ਵਿੱਚ ਲੋਹੇ ਦੀਆਂ ਮੇਖਾਂ, ਕੰਡਿਆਲੀਆਂ ਤਾਰਾਂ ਅਤੇ ਕੰਕਰੀਟ ਦੇ ਬੈਰੀਕੇਡ ਲਗਾ ਕੇ ਕਿਸਾਨਾਂ ਦੇ ਵਿਰੋਧ ਪ੍ਰਦਰਸ਼ਨਾਂ ਦੇ ਜਮਹੂਰੀ ਢੰਗ ਨਾਲ ਨਜਿੱਠਣ ਦੇ ਤਾਨਾਸ਼ਾਹੀ ਢੰਗ ਦੇ ਖਿਲਾਫ ਆਪਣੀ ਸਖ਼ਤ ਅਸੰਤੁਸ਼ਟੀ ਅਤੇ ਗੁੱਸੇ ਦਾ ਪ੍ਰਗਟਾਵਾ ਕੀਤਾ ਹੈ। ਪ੍ਰਸ਼ਾਸਨ ਦਿੱਲੀ ਅਤੇ ਹਰਿਆਣਾ ਦੇ ਆਸ-ਪਾਸ ਧਾਰਾ 144 ਲਾਗੂ ਕਰ ਰਿਹਾ ਹੈ ਅਤੇ ਲੋਕਾਂ ਨੂੰ ਬਿਨਾਂ ਕਿਸੇ ਅਗਾਊਂ ਸਲਾਹ ਦੇ ਆਵਾਜਾਈ ਨੂੰ ਡਾਇਵਰਟ ਕਰ ਰਿਹਾ ਹੈ ਅਤੇ ਲੋਕਾਂ ਨੂੰ ਡਰਾਉਣ ਲਈ ਦਹਿਸ਼ਤ ਦਾ ਮਾਹੌਲ ਪੈਦਾ ਕਰ ਰਿਹਾ ਹੈ। ਮੋਦੀ ਸਰਕਾਰ ਪ੍ਰਦਰਸ਼ਨਕਾਰੀਆਂ ਨਾਲ ਦੇਸ਼ ਦੇ ਦੁਸ਼ਮਣਾਂ ਵਾਂਗ ਪੇਸ਼ ਆ ਰਹੀ ਹੈ। ਮੱਧ ਪ੍ਰਦੇਸ਼ ਵਿੱਚ, ਕਿਸਾਨ ਸਭਾ ਦੇ ਆਗੂ ਰਾਮ ਨਰਾਇਣ ਕੁਰਰੀਆ, ਉਨ੍ਹਾਂ ਦੀ ਪਤਨੀ ਅਤੇ ਏਆਈਡੀਡਬਲਿਊਏ ਦੇ ਆਗੂ ਐਡਵੋਕੇਟ ਸਮੇਤ ਐਸਕੇਐਮ ਦੇ ਪੰਜ ਸੂਬਾਈ ਆਗੂ ਅੰਜਨਾ ਕੁਰਰੀਆ, ਕਿਸਾਨ ਸੰਘਰਸ਼ ਸਮਿਤੀ ਦੇ ਆਗੂ ਵਕੀਲ ਅਰਾਧਨਾ ਭਾਰਗਵ, ਬੀਕੇਯੂ (ਟਿਕੈਤ) ਦੇ ਆਗੂ ਅਨਿਲ ਯਾਦਵ, ਐਨਏਪੀਐਮ ਆਗੂ ਰਾਜਕੁਮਾਰ ਸਿਨਹਾ ਨੂੰ ਸੀਆਰਪੀਸੀ ਦੀ ਧਾਰਾ 151 ਤਹਿਤ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜ ਦਿੱਤਾ ਗਿਆ। ਸੂਬੇ ਦੇ ਵੱਖ-ਵੱਖ ਹਿੱਸਿਆਂ 'ਚ ਕਈ ਕਾਰਕੁਨਾਂ ਨੂੰ ਗ੍ਰਿਫਤਾਰ ਕੀਤਾ ਗਿਆ।ਹਾਲਾਂਕਿ ਵੱਖ ਵੱਖ ਕਿਸਾਨ ਜਥੇਬੰਦੀਆਂ ਨੂੰ ਵਿਰੋਧ ਕਰਨ ਦਾ ਅਧਿਕਾਰ ਹੈ ਅਤੇ ਇਹ ਕੇਂਦਰ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਹ ਅਜਿਹੇ ਵਿਰੋਧ ਪ੍ਰਦਰਸ਼ਨਾਂ ਨੂੰ ਬਹੁਤ ਜ਼ਿਆਦਾ ਰਾਜਕੀ ਜਬਰ ਦੀ ਪਾਲਣਾ ਕਰਨ ਦੀ ਬਜਾਏ ਲੋਕਤੰਤਰੀ ਢੰਗ ਨਾਲ ਪੇਸ਼ ਕਰੇ। ਐਸਕੇਐਮ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਇਹ ਸਪੱਸ਼ਟ ਕਰਨ ਦੀ ਅਪੀਲ ਕੀਤੀ ਹੈ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੀ ਰੋਜ਼ੀ-ਰੋਟੀ ਦੀਆਂ ਮੰਗਾਂ 'ਤੇ 16 ਫਰਵਰੀ 2024 ਨੂੰ ਦੇਸ਼ ਵਿਆਪੀ ਗ੍ਰਾਮੀਣ ਬੰਦ ਅਤੇ ਉਦਯੋਗਿਕ/ਖੇਤਰੀ ਹੜਤਾਲ ਦੇ ਸੱਦੇ ਦੇ ਸੰਦਰਭ ਵਿੱਚ ਕਿਸਾਨਾਂ ਅਤੇ ਮਜ਼ਦੂਰਾਂ ਦੇ ਮੰਚਾਂ ਨਾਲ ਚਰਚਾ ਲਈ ਕਿਉਂ ਤਿਆਰ ਨਹੀਂ ਹੈ..? ਲੋਕਾਂ ਦੀਆਂ ਰੋਜ਼ੀ-ਰੋਟੀ ਦੀਆਂ ਮੰਗਾਂ ਨੂੰ ਲੈ ਕੇ ਭਾਰਤ ਭਰ ਵਿੱਚ ਉਭਰ ਰਹੇ ਸੰਘਰਸ਼ਾਂ ਦੇ ਸੰਦਰਭ ਵਿੱਚ ਲੋਕਾਂ ਦੇ ਰੋਸ ਨੂੰ ਦਬਾਉਣ ਦੀਆਂ ਕੋਸ਼ਿਸ਼ਾਂ ਵਿਅਰਥ ਹੋ ਜਾਣਗੀਆਂ ਅਤੇ ਅਸੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਨੂੰ ਯਾਦ ਦਿਵਾਉਂਦੇ ਹਾਂ ਕਿ ਭਾਰਤ ਦਾ ਇੱਕ ਸੰਵਿਧਾਨ ਹੈ ਜੋ ਸਾਰੇ ਨਾਗਰਿਕਾਂ ਨੂੰ ਵਿਰੋਧ ਕਰਨ ਦਾ ਅਧਿਕਾਰ ਦਿੰਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਬੁਰਜ ਕੁਲਾਰਾ ਵਿਖੇ ਬੱਚਿਆਂ ਨੂੰ ਸਿੱਖੀ ਨਾਲ ਜੋੜਨ ਲਈ ਮਹਾਨ ਗੁਰਮਤਿ ਸਮਾਗਮ ਕਰਵਾਇਆ

**ਗਿਆਨੀ ਬੀਰ ਸਿੰਘ ਜੀ ਵੱਲੋਂ ਲਿਖੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ ਅਰਥਾਂ ਦੇ ਸਟੀਕ ਜੈਕਾਰਿਆਂ ਦੀ ਗੂੰਜ ਵਿੱਚ ਕੀਤੇ ਰਿਲੀਜ਼ • ਗੱਲਬਾਤ ਕਰਦਿਆਂ ਗਿਆਨੀ ਬੀਰ ਸਿੰਘ ਜੀ ਨੇ ਕਿਹਾ ਕਿ ਉਨ੍ਹਾਂ ਨੇ ਕਰੋਨਾ ਸਮੇਂ ਗੁਰੂ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ...**









ਹਠੂਰ, ਜਗਰਾਉਂ, 12 ਫਰਵਰੀ (ਵਰਿਆਮ ਹਠੂਰ)- ਜ਼ਿਲ੍ਹਾ ਲੁਧਿਆਣਾ ਦੇ ਆਖ਼ਰੀ ਪਿੰਡ ਬੁਰਜ ਕੁਲਾਰਾ ਵਿਖੇ ਸਸ਼ੋਭਿਤ ਗੁਰਦੁਆਰਾ ਤਪ ਅਸਥਾਨ ਬਾਬਾ ਸਾਂਈ ਲੋਕ ਵਿਖੇ ਗਿਆਨੀ ਬੀਰ ਸਿੰਘ ਜੀ ਕੈਨੇਡੀਅਨ ਵੱਲੋਂ ਕੀਤੇ ਉਪਰਾਲੇ ਸਦਕਾ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਬੱਚਿਆਂ ਨੂੰ ਸਿੱਖੀ ਦਾ ਜਾਗ ਲਾਉਣ ਲਈ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ, ਸਵੇਰੇ ਬੀਬੀਆਂ ਭੈਣਾਂ ਅਤੇ ਅਨੇਕਾਂ ਬੱਚਿਆਂ ਵੱਲੋਂ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ। ਮਹਾਨ ਗੁਰਮਤਿ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਨੇ ਆਪਣੀ ਹਾਜ਼ਰੀ ਭਰੀ ਤੇ ਜੁੱਗੋ ਯੁੱਗ ਅਟੱਲ ਚਵਰ ਛਤਰ ਤਖ਼ਤ ਦੇ ਮਾਲਕ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਆਪਣਾ ਸਿਜਦਾ ਭੇਟ ਕੀਤਾ, ਮਹਾਨ ਗੁਰਮਤਿ ਸਮਾਗਮ ਵਿੱਚ ਛੋਟੇ ਵੱਡੇ ਬੱਚਿਆਂ ਨੇ ਧਾਰਮਿਕ ਸ਼ਬਦਾਂ ਅਤੇ ਕਵੀਸ਼ਰੀਆਂ ਦੀ ਸ਼ਾਨਦਾਰ ਪੇਸ਼ਕਾਰੀ ਕਰਕੇ ਇਕੱਤਰ ਗੁਰਸੰਗਤਾਂ ਦਾ ਦਿਲ ਮੋਹ ਲਿਆ, ਗਿਆਨੀ ਬੀਰ ਸਿੰਘ ਜੀ ਕੈਨੇਡੀਅਨ ਪਿੰਡ ਬੁਰਜ ਕੁਲਾਰਾ ਨੇ ਬੱਚਿਆਂ ਅਤੇ ਇਕੱਤਰ ਗੁਰਸੰਗਤਾਂ ਨੂੰ ਸਿੱਖ ਕੌਮ ਦੇ ਮਹਾਨ ਵਿਰਸੇ ਅਤੇ ਸ਼ਾਨਾਮੱਤੇ ਇਤਿਹਾਸ ਤੋਂ ਜਾਣੂੰ ਕਰਵਾਇਆ, ਵੱਖ ਵੱਖ ਬੱਚਿਆਂ ਵੱਲੋਂ ਦਸਤਾਰ ਮੁਕਾਬਲੇ ਵਿੱਚ ਵੀ ਹਿੱਸਾ ਲਿਆ, ਇਸ ਮੌਕੇ ਗੁਰੂ ਸਾਹਿਬ ਦੀ ਪਾਵਨ ਪਵਿੱਤਰ ਹਜ਼ੂਰੀ ਵਿੱਚ ਗਿਆਨੀ ਬੀਰ ਸਿੰਘ ਜੀ ਵੱਲੋਂ ਲਿਖੇ ਗਏ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ, ਅਰਥਾਂ, ਵਿਆਖਿਆ ਵਾਲੇ ਸਟੀਕ ਰਿਲੀਜ਼ ਕੀਤੇ ਗਏ, ਗਿਆਨੀ ਬੀਰ ਸਿੰਘ ਜੀ ਨੇ ਧਾਰਮਿਕ ਸ਼ਬਦ ਅਤੇ ਕਵੀਸ਼ਰੀਆਂ ਦੀ ਸ਼ਾਨਦਾਰ ਪੇਸ਼ਕਾਰੀ ਕਰਨ ਵਾਲੇ ਅਨੇਕਾਂ ਬੱਚਿਆਂ ਨੂੰ ਸਨਮਾਨਿਤ ਕੀਤਾ ਤੇ ਸ਼ੁਭਕਾਮਨਾਵਾਂ ਦਿੱਤੀਆਂ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵੀ ਬੱਚਿਆਂ ਨੂੰ ਹੌਸਲਾ ਅਫਜ਼ਾਈ ਕਰਦਿਆਂ ਸ਼ੁਭਕਾਮਨਾਵਾਂ ਦਿੱਤੀਆਂ, ਗਿਆਨੀ ਬੀਰ ਸਿੰਘ ਜੀ ਕੈਨੇਡੀਅਨ ਵੱਲੋਂ ਦਸਤਾਰ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਵਾਲੇ ਅਤੇ ਪੁਜੀਸ਼ਨਾਂ ਹਾਸਲ ਕਰਨ ਵਾਲੇ ਬੱਚਿਆਂ ਨੂੰ ਸਨਮਾਨਿਤ ਕੀਤਾ ਗਿਆ, ਇਸ ਤੋਂ ਇਲਾਵਾ ਗਿਆ ਗੁਰੂ ਘਰ ਦੇ ਵਜੀਰ ਬਾਬਾ ਗੁਰਨਾਇਬ ਸਿੰਘ ਅਤੇ ਉਨ੍ਹਾਂ ਦੇ ਪਰਿਵਾਰ ਸਮੇਤ ਸੇਵਾਦਾਰਾਂ ਅਤੇ ਸੁਖਮਨੀ ਸਾਹਿਬ ਜੀ ਦੇ ਪਾਠ ਕਰਨ ਵਾਲੀਆਂ ਬੀਬੀਆਂ ਭੈਣਾਂ ਅਤੇ ਬੱਚਿਆਂ ਨੂੰ ਵੀ ਗਿਆਨੀ ਬੀਰ ਸਿੰਘ ਜੀ ਕੈਨੇਡੀਅਨ ਵੱਲੋਂ ਸਨਮਾਨਿਤ ਕੀਤਾ ਗਿਆ, ਅੰਤ ਵਿੱਚ ਗਿਆਨੀ ਬੀਰ ਸਿੰਘ ਜੀ ਕੈਨੇਡੀਅਨ ਨੂੰ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ ਅਰਥਾਂ ਵਾਲੇ ਸਟੀਕ ਲਿਖ਼ਣ ਦੀਆਂ ਸੇਵਾਵਾਂ ਨਿਭਾਉਣ ਬਦਲੇ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਦੀ ਗੂੰਜ ਵਿੱਚ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਗਿਆਨੀ ਬੀਰ ਸਿੰਘ ਜੀ ਨੇ ਕਿਹਾ ਕਿ ਉਨ੍ਹਾਂ ਨੇ ਕਰੋਨਾ ਸਮੇਂ ਗੁਰੂ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ਬਦ ਅਰਥਾਂ ਵਾਲੇ ਸਟੀਕ ਲਿਖ਼ਣ ਦੀਆਂ ਸੇਵਾਵਾਂ ਸ਼ੁਰੂ ਕੀਤੀਆਂ ਸਨ। ਜੋ ਹੁਣ ਪੂਰੀਆਂ ਹੋਣ ਤੋਂ ਬਾਅਦ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦੇਖ ਰੇਖ ਤੋਂ ਬਾਅਦ ਛਪ ਕੇ ਤਿਆਰ ਹੋਈਆਂ ਹਨ। ਜਿੰਨ੍ਹਾਂ ਨੂੰ ਅੱਜ ਪਿੰਡ ਬੁਰਜ ਕੁਲਾਰਾ ਦੇ ਗੁਰਦੁਆਰਾ ਤਪ ਅਸਥਾਨ ਬਾਬਾ ਸਾਂਈ ਲੋਕ ਵਿਖੇ ਰਿਲੀਜ਼ ਕੀਤਾ ਗਿਆ ਹੈ। ਗਿਆਨੀ ਬੀਰ ਸਿੰਘ ਜੀ ਨੇ ਅੱਗੇ ਕਿਹਾ ਕਿ ਸਾਨੂੰ ਗੁਰਬਾਣੀ ਦਾ ਪੱਲਾ ਫੜ ਕੇ ਗੁਰਬਾਣੀ ਪੜ੍ਹ ਕੇ ਅਤੇ ਗੁਰਬਾਣੀ ਅਨੁਸਾਰ ਉਸ ਤੇ ਅਮਲ ਕਰ ਕੇ ਆਪਣਾ ਮਨੁੱਖਾ ਜੀਵਨ ਸਫਲ ਕਰਨਾ ਚਾਹੀਦਾ ਹੈ। ਗੁਰਬਾਣੀ ਹੀ ਸਭ ਰੋਗਾਂ ਦੀ ਦਾਰੂ ਹੈ। ਸਾਡੇ ਨਾਲ ਸਿਰਫ਼ ਕੀਤੇ ਹੋਏ ਨਾਮ ਸਿਮਰਨ ਦੀ ਪੂੰਜੀ ਹੀ ਜਾਣੀ ਹੈ। ਬਾਕੀ ਸਭ ਦੁਨਿਆਵੀ ਵਸਤੂਆਂ ਇੱਥੇ ਹੀ ਰਹਿ ਜਾਣੀਆਂ ਹਨ। ਅੰਤ ਵਿੱਚ ਗਿਆਨੀ ਬੀਰ ਸਿੰਘ ਜੀ ਕੈਨੇਡੀਅਨ, ਪ੍ਰਧਾਨ ਵਾਹਿਗੁਰੂ ਪਾਲ ਸਿੰਘ ਜੀ ਬੁਰਜ ਕੁਲਾਰਾ, ਅਤੇ ਗੁਰੂ ਘਰ ਦੇ ਵਜੀਰ ਬਾਬਾ ਗੁਰਨਾਇਬ ਸਿੰਘ ਜੀ ਨੇ ਸਮੂਹ ਗੁਰਸੰਗਤਾਂ ਦਾ ਸਮਾਗਮ ਵਿੱਚ ਹਾਜ਼ਰੀਆਂ ਭਰਨ ਲਈ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ, ਇਸ ਮੌਕੇ ਗਿਆਨੀ ਬੀਰ ਸਿੰਘ ਜੀ ਦੇ ਸਹਿਯੋਗੀ ਜਗਤਾਰ ਸਿੰਘ ਕਾਲਾ ਬੁਰਜ ਕੁਲਾਰਾ, ਜਸਵਿੰਦਰ ਸਿੰਘ ਚੀਮਾ, ਸ਼੍ਰੀ ਮਤੀ ਦਲਜੀਤ ਕੌਰ ਕੈਨੇਡੀਅਨ, ਸ਼੍ਰੀ ਮਤੀ ਰਮਨਜੀਤ ਕੌਰ, ਲੜਕੇ ਖੁਸ਼ਪ੍ਰੀਤ ਸਿੰਘ, ਅਭੀਜੋਤ ਸਿੰਘ, ਐਸਵੀਰ ਸਿੰਘ, ਤੋਂ ਇਲਾਵਾ ਗੁਰੂ ਘਰ ਦੇ ਵਜੀਰ ਬਾਬਾ ਗੁਰਨਾਇਬ ਸਿੰਘ ਜੀ, ਸੇਵਾਦਾਰ ਗੁਰਪ੍ਰੀਤ ਸਿੰਘ, ਰਾਜਵਿੰਦਰ ਸਿੰਘ ਰਾਜੂ, ਅਮਨਪ੍ਰੀਤ ਸਿੰਘ, ਗੁਰਵੀਰ ਸਿੰਘ, ਹਰਪ੍ਰੀਤ ਸਿੰਘ ਸਰਾਂ, ਸੋਹਣ ਸਿੰਘ, ਮਨਵੀਰ ਸਿੰਘ, ਗੁਰਜੋਤ ਸਿੰਘ, ਸੁਖਪ੍ਰੀਤ ਸਿੰਘ, ਰਣਜੋਤ ਸਿੰਘ, ਹਰਵਿੰਦਰ ਸਿੰਘ, ਹਰਮਿਲਾਪ ਸਿੰਘ, ਧਨਵੰਤ ਸਿੰਘ, ਮਾਸਟਰ ਜਗਦੀਪ ਸਿੰਘ ਸਰਾਂ, ਪੂਰਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਗੁਰਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਲੋਟੂ ਮਾਫੀਏ ਦੇ ਸਰਗਨੇ ਚਲਾਉਂਦੇ ਹਨ

# ਦੇਸ਼ ਲੁੱਟਿਆ ਜਾ ਰਿਹਾ ਕਿਸਾਨ ਅਤੇ ਮਜ਼ਦੂਰ

**ਸਵਧਾਨਿਕ** ਹੱਕ ਨਾਲ ,ਸ਼ਾਂਤਮਈ ਰੋਸ ਪ੍ਰਗਟਾਉਣ ਜਾਣ ਵਾਲੇ ਕਿਸਾਨਾਂ ਮੂਹਰੇ ਭਾਜਪਾ ਸਰਕਾਰ ਨੇ ਦਿੱਲ੍ਹੀ ਦੇ ਸਾਰੇ ਰਾਹਾਂ ਤੇ ਕੰਧਾਂ ਅਤੇ ਕਿਲਾਂ ਵਿਛਾ, ਜਿਵੇਂ ਪੰਜਾਬ ਦੇਸ਼ ਦਾ ਹਿੱਸਾ ਨਾ ਹੋਵੇ ਇਕ ਅਜਿਹਾ ਸਰਹੱਦੀ ਮਾਹੌਲ ਬਣਾ ਦਿੱਤਾ ਹੈ ; ਸੋਸ਼ਲ ਮੀਡੀਆ ਉੱਤੇ ਪੰਜਾਬ ਅਤੇ ਦਿੱਲ੍ਹੀ ਦੀ ਜੰਗ ਪੇਸ਼ ਕੀਤੀ ਜਾ ਰਹੀ ਹੈ।

ਸ਼ਾਹ ਮੁਹੰਮਦ ਦੇ ਬੋਲ ਜੰਗ ਹਿੰਦ ਪੰਜਾਬ ਦਾ ਹੋਣ ਲੱਗਾ ਦੋਨੋ ਪਾਤਸ਼ਾਹੀ ਫੌਜਾਂ ਭਾਰੀਆਂ ਨੇ .. ਅਜਿਹੀ ਹਾਲਤ ਦਰਸਾਈ ਜਾ ਰਹੀ ਹੈ ।

ਦੇਸ਼ ਅਰਾਜਕਤਾ ਵੱਲ ਵਧ ਰਿਹਾ ਹੈ ਅਤੇ ਹੁਕਮਰਾਨ ਤਾਨਾਸ਼ਾਹੀ ਵੱਲ ! ਅਰਦਾਸ ਕਰਿਓ ਕੋਈ ਜਾਨੀ - ਮਾਲੀ ਨੁਕਸਾਨ ਨਾ ਹੋਵੇ।ਸਰਕਾਰ ਮੇਹਨਤ ਕਸ਼ਾਂ ਦਾ ਮੁੱਲ ਪਾਵੇ...

ਬਹੁਤ ਆਗੂ "ਲੋਕਤੰਤਰ" ਵਿਚ ਅਨਿਆਂ ਦੀ ਗੱਲ ਕਰ ਰਹੇ ਹਨ ਪਰ ਲੋਕਤੰਤਰ ਹੈ ਕਿੱਥੇ ?

ਰਾਜਨੀਤਕ ਪਾਰਟੀਆਂ ਮਾਫੀਏ ਹਨ ।ਇਕ ਮਾਫੀਆ ਆਗੂ, ਉਹ ਚਾਹੇ ਸੁਖਬੀਰ , ਚਾਹੇ ਕੇਜਰੀਵਾਲ , ਚਾਹੇ ਅਮਿਤ ਸ਼ਾਹ ਅਤੇ ਚਾਹੇ ਗਾਂਧੀ ਪਰਿਵਾਰ ਹੋਵੇ ਬੰਦੇ ਚੁਣਦਾ ਅਤੇ ਵੋਟਾਂ ਵੇਲੇ ਸਾਡੇ ਮੂਹਰੇ ਪਰੋਸ ਦਿੰਦਾ ਹੈ ਅਸੀ ਪਹਿਲਾਂ ਤੋਂ ਚੁਣੇ ਨੂੰ ਚੁਣ ਕੇ ਆਪਣੇ ਕੰਮੀ ਲਗ ਜਾਂਦੇ ਹਾਂ... ਉਹ ਲੋਕਾਂ ਦੇ ਫ਼ਿਕਰ ਦੀ ਥਾਂ ਜ਼ੁਲਮ ਅਤੇ ਭ੍ਰਿਸ਼ਟਾਚਾਰ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਅਫ਼ਸਰ ਮਾਫੀਆ ਹਰੇਕ ਨਾਲ ਰਲ ਕੇ ਲੁੱਟਦਾ ਹੈ । ਕਿਸੇ ਭੇੜੀਏ ਦੀਆਂ ਚੁਣੀਆਂ ਕਦੀ 60 ਲਾਸ਼ਾਂ ਬਣ ਜਾਂਦੀਆਂ ਹਨ ਕਦੀ 70 ਹੁਣ 92 ਬਣ ਗਈਆਂ ਗੱਲ ਉਥੇ ਹੀ ਖਲੋਤੀ ਹੈ ..



ਜਿਸ ਦਿਨ ਫਸਲਾਂ ਦੇ ਮੁੱਲਾਂ ਵਾਂਗ " ਲੋਕਾਂ ਦੇ ਰਾਜ ਵਾਲਾ "ਲੋਕਤੰਤਰ " ਲਿਆਉਣ ਲਈ ਊਰਜਾ ਤੇ ਜਾਗਰੂਕਤਾ ਪੈਦਾ ਹੋਈ ਉਸ ਦਿਨ ਕੋਈ ਧਰਨਾ ਲਾਉਣ ਦੀ ਲੋੜ ਨਹੀਂ ਪੈਣੀ !!

ਲੋਕਤੰਤਰ ਵਿੱਚ ਰਾਜ ਕਿਸੇ ਧਿਰ ਦਾ ਨਹੀਂ ਕਾਨੂੰਨ ਦਾ ਹੁੰਦਾ ਹੈ ਬਹੁਤੇ ਵਿਕਸਤ ਮੁਲਕਾਂ ਵਿਚ ਲੋਕਤੰਤਰ ਹਨ ।

2 ਸਾਲ ਪਹਿਲੋਂ, ਦਿੱਲ੍ਹੀ ਤੋਂ ਕਿਸਾਨੀ ਮਸਲਿਆਂ ਉੱਤੇ ਮਿਲੇ ਵਾਹਦੇ ਪੂਰੇ ਨਹੀਂ ਹੋਏ .. 24 ਫਰਵਰੀ 2023 ਨੂੰ ਬੰਦੀ ਸਿੰਘਾਂ ਦੀ ਰਿਹਾਈ ਸਮੇਤ " ਕੌਮੀ ਇਨਸਾਫ਼ ਮੋਰਚੇ " ਦੇ ਸਮੁੱਚੇ ਇਨਸਾਫ਼ ਦੀ ਗੱਲ ਪੰਜਾਬ ਸਰਕਾਰ ਨੇ ਮੰਨੀ ਪਰ ਅਮਲ ਕੁਝ ਨਹੀਂ ...

ਯਾਦ ਰੱਖਿਓ ਪੰਜਾਬ ਹਰਿਆਣਾ ਦੇ ਕਿਸਾਨਾਂ ਸਮੇਤ ਦੇਸ਼ ਦੇ ਬਹੁਤੇ ਕਿਸਾਨਾਂ ਨੇ ਭਾਜਪਾ ਸਰਕਾਰ ਬਣਾਈ ਸੀ ਅਤੇ ਹੁਣ ਵੀ ਸੁਖਬੀਰ ਬਾਦਲ ਕੁਰਸੀ ਲਈ ਮੁੜ ਭਾਜਪਾ ਨਾਲ ਘਟ ਤਨਖਾਹ ਤੇ ਹੀ ਰਲਣ ਲਈ ਤਿਆਰ ਹੈ ... ਜਦ ਕਿ ਨਾ ਕਿਸਾਨਾਂ ਨੂੰ $♥♦ ਦੀ ਗਰੰਟੀ ਅਤੇ ਨਾ ਹੀ ਬੰਦੀ ਸਿੰਘਾਂ ਦੀ ਰਿਹਾਈ ਦੇ ਮਾਮਲੇ ਹਲ ਹੋਏ।

ਸਾਡੇ ਸੂਬੇ ਦਾ ਮੁੱਖ ਮੰਤਰੀ ਅਤੇ ਇਸਦਾ ਬੌਸ ਪੰਜਾਬ ਦੀ " ਕੁਰਸੀ ਮਿਲਣ ਤੋਂ ਪਹਿਲੋਂ ਦਿੱਲ੍ਹੀ ਧਰਨੇ ਵਿੱਚ ਇੱਕ ਤਸਵੀਰ ਖਿਚਾਉਣ ਲਈ ਤਰਲੋ ਮੱਛੀ ਸੀ ਅੱਜ ਕੇਂਦਰ ਦੇ ਵਿਚੋਲੇ ਦੀ ਭੂਮਿਕਾ ਨਿਭਾਉਣ ਵਿਚ ਮੂਹਰੇ ਹੈ !!

ਪਹਿਲੋਂ ਕਾਂਗਰਸ ਚੁੱਪ ਸੀ ਹੁਣ ਬਿੱਟੂ ਬੈਰੀਕੇਡ ਹਟਾਉਣ ਲਈ ਮਸ਼ੀਨਾਂ ਭੇਜਣ ਦੀ ਗੱਲ ਕਰ ਰਿਹਾ ਹੈ ।

ਇਹ ਸੋਚਣ ਤੇ ਸਮਝਣ ਦੀਆਂ ਗੱਲਾਂ ਨੇ !!

**-ਬਲਵਿੰਦਰ ਸਿੰਘ।**

## ਮੁੱਖ ਮੰਤਰੀ ਭਗਵੰਤ ਮਾਨ ਤੇ ਕੇਜਰੀਵਾਲ ਨੇ ਪਰਿਵਾਰ ਸਮੇਤ

# ਅਯੁੱਧਿਆ 'ਚ ਰਾਮ ਲੱਲਾ ਦੇ ਕੀਤੇ ਦਰਸ਼ਨ










**ਅਯੁੱਧਿਆ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਆਪਣੇ ਪਰਿਵਾਰ ਸਮਤੇ ਅਯੁੱਧਿਆ ਦੇ ਰਾਮ ਮੰਦਰ ਵਿੱਚ ਦਰਸ਼ਨਾਂ ਲਈ ਪਹੁੰਚੇ। ਇਸ ਮੌਕੇ ਅਰਵਿੰਦ ਕੇਜਰੀਵਾਲ ਨੇ ਟਵੀਟ ਕਰਦਿਆਂ ਕਿਹਾ ਅੱਜ ਆਪਣੇ ਮਾਤਾ-ਪਿਤਾ ਅਤੇ ਪਤਨੀ ਨਾਲ ਅਯੁੱਧਿਆ ਪਹੁੰਚਣ ਤੋਂ ਬਾਅਦ ਮੈਨੂੰ ਸ਼੍ਰੀ ਰਾਮ ਮੰਦਰ ਵਿੱਚ ਰਾਮਲੱਲਾ ਜੀ ਦੇ ਇਲਾਹੀ ਦਰਸ਼ਨ ਕਰਨ ਦਾ ਸੁਭਾਗ ਪ੍ਰਾਪਤ ਹੋਇਆ। ਇਸ ਮੌਕੇ ਭਗਵੰਤ ਮਾਨ ਅਤੇ ਉਨ੍ਹਾਂ ਦਾ ਪਰਿਵਾਰ ਵੀ ਹਾਜ਼ਰ ਸੀ।ਸਾਰਿਆਂ ਨੇ ਮਿਲ ਕੇ ਮਰਯਾਦਾ ਪੁਰਸ਼ੋਤਮ ਭਗਵਾਨ ਸ਼੍ਰੀ ਰਾਮ ਜੀ ਦੇ ਦਰਸ਼ਨ ਕੀਤੇ ਅਤੇ ਦੇਸ਼ ਦੀ ਤਰੱਕੀ ਅਤੇ ਸਮੁੱਚੀ ਮਾਨਵਤਾ ਦੀ ਭਲਾਈ ਲਈ ਅਰਦਾਸ ਕੀਤੀ।

ਅਯੁੱਧਿਆ ਵਿੱਚ ਰਾਮ ਲੱਲਾ ਦੇ ਮੰਦਰ ਵਿੱਚ ਪੂਜਾ ਕਰਨ ਤੋਂ ਬਾਅਦ, ਆਮ ਆਦਮੀ ਪਾਰਟੀ ਦੇ ਕਨਵੀਨਰ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਕਿਹਾ, "ਰਾਮ ਲੱਲਾ ਦੀ ਪੂਜਾ ਕਰਨ ਤੋਂ ਬਾਅਦ ਮੈਂ ਬਹੁਤ ਸ਼ਾਂਤੀ ਮਹਿਸੂਸ ਕੀਤੀ। ਹਰ ਰੋਜ਼ ਲੱਖਾਂ ਸ਼ਰਧਾਲੂ ਇੱਥੇ ਆਉਂਦੇ ਹਨ।

ਇਸ ਦੇ ਨਾਲ ਹੀ ਅਯੁੱਧਿਆ 'ਚ ਰਾਮ ਮੰਦਿਰ 'ਚ ਮੱਥਾ ਟੇਕਣ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, "ਮੇਰੀ ਲੰਬੇ ਸਮੇਂ ਤੋਂ ਰਾਮ ਲੱਲਾ ਨੂੰ ਦੇਖਣ ਦੀ ਇੱਛਾ ਸੀ। ਮੈਂ ਦੇਸ਼ ਦੀ ਭਲਾਈ ਲਈ ਭਗਵਾਨ ਅੱਗੇ ਅਰਦਾਸ ਕੀਤੀ। ਦੱਸ ਦਈਏ ਕਿ ਸੀਐਮ ਕੇਜਰੀਵਾਲ ਰਾਮ ਲੱਲਾ ਦੀ ਪਵਿੱਤਰ ਰਸਮ 'ਚ ਸ਼ਾਮਲ ਨਹੀਂ ਹੋਏ ਸਨ। ਉਨ੍ਹਾਂ ਕਿਹਾ ਸੀ ਕਿ ਸੱਦਾ ਨਹੀਂ ਮਿਲਿਆ। ਹਾਲਾਂਕਿ, ਸੀਐਮ ਨੇ ਕਿਹਾ ਸੀ ਕਿ ਪਵਿੱਤਰ ਰਸਮ ਤੋਂ ਬਾਅਦ ਉਹ ਆਪਣੇ ਪਰਿਵਾਰ ਨਾਲ ਜ਼ਰੂਰ ਜਾਣਗੇ। ਸੀਐਮ ਕੇਜਰੀਵਾਲ ਨੇ ਕਿਹਾ ਸੀ ਕਿ ਉਨ੍ਹਾਂ ਦੇ ਮਾਤਾ-ਪਿਤਾ ਰਾਮਲਲਾ ਦੇ ਦਰਸ਼ਨਾਂ ਲਈ ਬਹੁਤ ਉਤਸੁਕ ਸਨ।




## ਲੋਕਾਂ ਨੇ ਕੀਤਾ ਭਰਵਾਂ ਸਵਾਗਤ

# ਦੀਨਾਨਗਰ ’ਚ ਪਹੁੰਚੀਆਂ ਪੰਜਾਬ ਦੀਆਂ ਝਾਕੀਆਂ

**ਦੀਨਾਨਗਰ, 12 ਫਰਵਰੀ (ਆਵਾਜ਼ਿ ਕੌਮ ਬਿਊਰੋ)**- ‘ਦੇਸ਼ ਦੀ ਆਜ਼ਾਦੀ ਦੇ ਸੰਘਰਸ਼ ਵਿਚ ਪੰਜਾਬੀਆਂ ਦੇ ਅਹਿਮ ਯੋਗਦਾਨ’, ’ਨਾਰੀ ਸ਼ਕਤੀ’ ਅਤੇ ’ਪੰਜਾਬ ਦੇ ਅਮੀਰ ਸਭਿਆਚਾਰਕ ਵਿਰਸੇ ਨੂੰ ਰੂਪਮਾਨ’ ਕਰਦੀਆਂ ਝਾਕੀਆਂ ਦਾ ਅੱਜ ਗੁਰਦਾਸਪੁਰ ਜ਼ਿਲ੍ਹੇ ਵਿੱਚ ਦਾਖ਼ਲ ਹੋਣ ’ਤੇ ਭਰਵਾਂ ਸਵਾਗਤ ਕੀਤਾ ਗਿਆ। ਦੀਨਾਨਗਰ ਸ਼ਹਿਰ ਦੇ ਬਾਈਪਾਸ ਵਿਖੇ ਇਨ੍ਹਾਂ ਝਾਕੀਆਂ ਦਾ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਦੀਨਾਨਗਰ ਮਨਜੀਤ ਸਿੰਘ ਅਤੇ ਉੱਘੇ ਜਨਤਕ ਆਗੂ ਅਤੇ ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਸ਼ਮਸ਼ੇਰ ਸਿੰਘ ਵੱਲੋਂ ਆਪਣੇ ਸਾਥੀਆਂ ਦੇ ਨਾਲ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸਰਕਾਰੀ ਤੇ ਨਿੱਜੀ ਸਕੂਲਾਂ ਦੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪਹੁੰਚ ਕੇ ਝਾਕੀਆਂ ਦੇ ਦਰਸ਼ਨ ਕੀਤੇ।ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤੌਰ ’ਤੇ ਤਿਆਰ ਕਰਵਾਈਆਂ ਇਨ੍ਹਾਂ ਝਾਕੀਆਂ ਵਿਚ ਜਲ੍ਹਿਆਂਵਾਲੇ ਬਾਗ ਦੀ ਘਟਨਾ, ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ, ਸ਼ਹੀਦ ਕਰਤਾਰ ਸਿੰਘ ਸਰਾਭਾ, ਸ਼ਹੀਦ ਊਧਮ ਸਿੰਘ, ਬਾਬਾ ਸੋਹਨ ਸਿੰਘ ਭਕਨਾ, ਲਾਲਾ ਲਾਜਪਤ ਰਾਏ, ਸ਼ਹੀਦ ਸੁਖਦੇਵ, ਲਾਲਾ ਹਰਦਿਆਲ, ਸਰਦਾਰ ਅਜੀਤ ਸਿੰਘ, ਬਾਬਾ ਖੜਕ ਸਿੰਘ, ਮਦਨ ਲਾਲ ਢੀਂਗਰਾ, ਡਾ. ਦੀਵਾਨ ਸਿੰਘ ਕਾਲੇਪਾਣੀ ਵਰਗੀਆਂ ਮਹਾਨ ਸ਼ਖ਼ਸੀਅਤਾਂ ਦੀ ਕੁਰਬਾਨੀ ਦੀ ਘਟਨਾ ਨੂੰ ਦਿਖਾਇਆ ਗਿਆ ਹੈ। ਇਸੇ ਤਰ੍ਹਾਂ ਦੂਜੀ ਝਾਕੀ ਜ਼ਰੀਏ ਨਾਰੀ ਸ਼ਕਤੀਕਰਨ (ਮਾਈ ਭਾਗੋ ਦੀ ਸੂਰਮਗਤੀ)ਅਤੇ ਮਾਈ ਭਾਗੋ ਆਰਮਡ ਫੋਰਸਜ ਪ੍ਰੈਪਰੇਟਰੀ ਇੰਸਟੀਚਿਊਟ ਫ਼ਾਰ ਗਰਲਜ਼ ਦੁਆਰਾ ਵੱਖ-ਵੱਖ ਖੇਤਰਾਂ ਵਿੱਚ ਨਾਮ ਰੌਸ਼ਨ ਕਰਨ ਵਾਲੀਆਂ ਮਹਿਲਾਵਾਂ ਨੂੰ ਦਰਸਾਇਆ ਗਿਆ ਹੈ। ਇਸੇ ਤਰ੍ਹਾਂ ਤੀਜੀ





ਝਾਕੀ ਦੇ ਰਾਹੀਂ ਪੰਜਾਬ ਦੀ ਅਮੀਰ ਵਿਰਾਸਤ ਅਤੇ ਸਭਿਆਚਾਰ ਦੀ ਇਕ ਝਲਕ ਪੇਸ਼ ਕੀਤੀ ਗਈ ਹੈ।ਇਸ ਮੌਕੇ ਉੱਘੇ ਜਨਤਕ ਆਗੂ ਸ੍ਰੀ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਮਾਣਮੱਤੇ ਇਤਿਹਾਸ ਅਤੇ ਵਿਰਸੇ ਨੂੰ ਦਰਸਾਉਂਦੀਆਂ ਇਨ੍ਹਾਂ ਝਾਕੀਆਂ ਨੂੰ ਪੰਜਾਬ ਵਾਸੀਆਂ ਦੇ ਰੂਬਰੂ ਕਰਨ ਲਈ ਕੀਤਾ ਗਿਆ। ਇਹ ਉਪਰਾਲਾ ਬੇਹੱਦ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਤਿਹਾਸ ਅਤੇ ਸਭਿਆਚਾਰ ਬੇਮਿਸਾਲ ਹੈ ।ਉਨ੍ਹਾਂ ਪੰਜਾਬ ਸਰਕਾਰ ਵੱਲੋਂ ਕੌਮੀ ਗਣਤੰਤਰ ਦਿਵਸ ਲਈ ਤਿਆਰ ਕੀਤੀਆਂ ਇਹ ਸ਼ਾਨਦਾਰ ਝਾਕੀਆਂ, ਜਿਨ੍ਹਾਂ ਨੂੰ ਦਿੱਲੀ ਵਿਖੇ ਪ੍ਰਦਰਸ਼ਿਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਗਈ ਸੀ, ਨੂੰ ਪੰਜਾਬ ਦੇ ਲੋਕਾਂ ਨੂੰ ਦਿਖਾਉਣ ਦੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਝਾਕੀਆਂ ਰਾਹੀਂ ਦਰਸਾਇਆ ਜਾ ਰਿਹਾ ਮਹਾਨ ਇਤਿਹਾਸ ਅਤੇ ਅਮੀਰ ਸਭਿਆਚਾਰ, ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਨਾਲ ਜੋੜਨ ਲਈ ਲਾਹੇਵੰਦ ਹੋਵੇਗਾ। ਇਸ ਮੌਕੇ ਵੱਡੀ ਗਿਣਤੀ ਵਿਚ ਸਕੂਲੀ ਵਿਦਿਆਰਥੀਆਂ ਅਤੇ ਰਾਹ ਜਾਂਦੇ ਲੋਕਾਂ ਨੇ ਝਾਕੀਆਂ ਨਾਲ ਤਸਵੀਰਾਂ ਅਤੇ ਸੈਲਫੀਆਂ ਖਿਚਵਾਈਆਂ ਅਤੇ ਆਪਣੀ ਸਦੀਵੀ ਯਾਦ ਦਾ ਹਿੱਸਾ ਬਣਾਇਆ।ਜ਼ਿਕਰਯੋਗ ਹੈ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਇਨ੍ਹਾਂ ਝਾਕੀਆਂ ਨੂੰ ਸੂਬੇ ਦੇ ਕੋਨੇ-ਕੋਨੇ ਵਿੱਚ ਦਿਖਾਉਣ ਦਾ ਐਲਾਨ ਕੀਤਾ ਗਿਆ ਸੀ, ਜਿਸ ਤਹਿਤ ਇਹ ਝਾਕੀਆਂ ਪਟਿਆਲਾ ਅਤੇ ਲੁਧਿਆਣਾ ਵਿਖੇ ਹੋਏ ਗਣਤੰਤਰ ਦਿਵਸ ਸਮਾਗਮਾਂ ਵਿਚ ਪ੍ਰਦਰਸ਼ਿਤ ਕਰਨ ਉਪਰੰਤ ਵੱਖ-ਵੱਖ ਜ਼ਿਲ੍ਹਿਆਂ ਵਿਚੋਂ ਹੁੰਦੀਆਂ ਹੋਈਆਂ ਪਠਾਨਕੋਟ ਜ਼ਿਲ੍ਹੇ ਰਾਹੀਂ ਅੱਜ ਗੁਰਦਾਸਪੁਰ ਜ਼ਿਲ੍ਹੇ ਦੀ ਹੱਦ ਵਿਚ ਦਾਖਲ ਹੋਈਆਂ। ਜਿੱਥੇ ਦੀਨਾਨਗਰ ਵਿਖੇ ਲੋਕਾਂ ਵੱਲੋਂ ਇਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਉਪਰੰਤ ਇਹ ਝਾਕੀਆਂ ਸ਼ਾਮ ਨੂੰ ਗੁਰਦਾਸਪੁਰ ਸ਼ਹਿਰ ਦੇ ਬੱਸ ਅੱਡੇ ਵਿਖੇ ਪ੍ਰਦਰਸ਼ਤ ਕੀਤੀਆਂ ਜਾਣਗੀਆਂ, ਜਿੱਥੇ ਰਾਤ ਦਾ ਪੜਾਅ ਹੋਵੇਗਾ। ਮਿਤੀ 13 ਫਰਵਰੀ ਨੂੰ ਇਨ੍ਹਾਂ ਝਾਕੀਆਂ ਨੂੰ ਗੁਰਦਾਸਪੁਰ ਤੋਂ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਚੇਅਰਮੈਨ ਸ੍ਰੀ ਰਮਨ ਬਹਿਲ ਵੱਲੋਂ ਅਗਲੇ ਪੜਾਅ ਲਈ ਰਵਾਨਾ ਕੀਤਾ ਜਾਵੇਗਾ ਜਿੱਥੋਂ ਇਹ ਧਾਰੀਵਾਲ, ਨੌਸ਼ਹਿਰਾ ਮੱਝਾ ਸਿੰਘ ਤੋਂ ਹੁੰਦੀਆਂ ਹੋਈਆਂ ਬਟਾਲਾ ਸ਼ਹਿਰ ਵਿਖੇ ਪਹੁੰਚਣਗੀਆਂ। ਬਟਾਲਾ ਤੋਂ ਬਾਅਦ ਇਹ ਝਾਕੀਆਂ ਆਪਣੇ ਅਗਲੇ ਪੜਾਅ ਲਈ ਰਵਾਨਾ ਹੋਣਗੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਸੰਘਰਸ਼ਸ਼ੀਲ ਜਥੇਬੰਦੀਆਂ ਵੱਲੋਂ ਅਹਿਮ ਲੋਕ ਮੁੱਦਿਆਂ 'ਤੇ ਸਾਂਝੇ ਸੰਘਰਸ਼ ਉਸਾਰਨ ਦਾ ਐਲਾਨ

# ਸਾਮਰਾਜ ਨਿਰਦੇਸ਼ਤ ਆਰਥਿਕ ਸੁਧਾਰਾਂ ਦੇ ਹੱਲੇ ਖਿਲਾਫ ਵਿਸ਼ਾਲ ਲੋਕ ਤਾਕਤ ਦੀ ਉਸਾਰੀ ਦਾ ਹੋਕਾ

## ਸੂਬਾਈ ਨੁਮਾਇੰਦਾ ਕਨਵੈਨਸ਼ਨ 19 ਫਰਵਰੀ ਨੂੰ ਬਰਨਾਲਾ ਵਿਖੇ ਕਰਨ ਦਾ ਐਲਾਨ

**ਬਰਨਾਲਾ,12 ਫਰਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਵੱਖ-ਵੱਖ ਮਿਹਨਤਕਸ਼ ਤਬਕਿਆਂ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਭਾਕਿਯੂ ਏਕਤਾ-ਉਗਰਾਹਾਂ ਦੇ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਦੀ ਪ੍ਰਧਾਨਗੀ ਹੇਠ ਅੱਜ ਇੱਥੇ ਤਰਕਸ਼ੀਲ ਭਵਨ ਵਿੱਚ ਹੋਈ ਜਿਸ ਵਿੱਚ ਸਭਨਾਂ ਤਬਕਿਆਂ ਦੀਆਂ ਅਹਿਮ ਤੇ ਸਾਂਝੀਆਂ ਮੰਗਾਂ 'ਤੇ ਸਾਂਝੀ ਸੰਘਰਸ਼ ਆਵਾਜ਼ ਬੁਲੰਦ ਕਰਨ ਦਾ ਫੈਸਲਾ ਕੀਤਾ ਗਿਆ। ਪੰਜਾਬ ਅੰਦਰ ਕਿਸਾਨ-ਮਜ਼ਦੂਰ ਪੱਖੀ ਤੇ ਕਾਰਪੋਰੇਟ/ਸਾਮਰਾਜ/ਜਗੀਰਦਾਰੀ ਵਿਰੋਧੀ ਖੇਤੀ ਨੀਤੀ ਲਿਆਉਣ,ਪੁਰਾਣੀ ਪੈਨਸ਼ਨ ਦਾ ਹੱਕ ਬਹਾਲ ਕਰਨ, ਠੇਕਾ ਕਾਮਿਆਂ ਨੂੰ ਰੈਗੂਲਰ ਕਰਨ, ਸਭਨਾਂ ਸਰਕਾਰੀ ਅਦਾਰਿਆਂ ਦੇ ਨਿੱਜੀਕਰਨ ਦੇ ਕਦਮ ਰੋਕਣ ਤੇ ਸਰਕਾਰੀਕਰਨ ਦਾ ਅਮਲ ਚਲਾਉਣ, ਠੇਕਾ ਭਰਤੀ ਦੀ ਨੀਤੀ ਰੱਦ ਕਰਨ ਤੇ ਸਭਨਾਂ ਲੋੜਵੰਦਾਂ ਦੇ ਰੈਗੂਲਰ ਰੁਜ਼ਗਾਰ ਦਾ ਪ੍ਰਬੰਧ ਕਰਨ, ਨਿੱਜੀਕਰਨ ਦੀਆਂ ਨੀਤੀਆਂ ਮੁੱਢੋਂ ਰੱਦ ਕਰਨ ਅਤੇ ਸੰਸਾਰ ਵਪਾਰ ਸੰਸਥਾ 'ਚੋਂ ਬਾਹਰ ਆਉਣ ਵਰਗੇ ਮੁੱਦਿਆਂ ਸਮੇਤ ਸਾਂਝੀਆਂ ਅਹਿਮ ਮੰਗਾਂ 'ਤੇ ਸਾਂਝਾ ਸੰਘਰਸ਼ ਉਸਾਰਨ ਦੀ ਦਿਸ਼ਾ ਅਖਤਿਆਰ ਕਰਨ ਦਾ ਫੈਸਲਾ ਕੀਤਾ ਗਿਆ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੱਦੇ 'ਤੇ ਹੋਈ ਇਸ ਮੀਟਿੰਗ ਵਿੱਚ ਕਿਸਾਨਾਂ ਤੋਂ ਇਲਾਵਾ ਖੇਤ ਮਜ਼ਦੂਰ, ਸਨਅਤੀ ਮਜ਼ਦੂਰ, ਬਿਜਲੀ ਕਾਮੇ, ਵੱਖ-ਵੱਖ ਵੰਨਗੀਆਂ ਦੇ ਠੇਕਾ ਮੁਲਾਜ਼ਮ, ਅਧਿਆਪਕ ਤੇ ਵਿਦਿਆਰਥੀ ਵਰਗ ਦੀਆਂ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਏ। ਮੀਟਿੰਗ ਵਿੱਚ ਸ਼ਾਮਲ ਜਥੇਬੰਦੀਆਂ ਦੇ ਸੂਬਾਈ ਆਗੂਆਂ ਨੇ ਸਾਂਝੇ ਤੌਰ 'ਤੇ ਕਿਹਾ ਕਿ ਪੰਜਾਬ ਅੰਦਰ ਵੱਖ-ਵੱਖ ਮਿਹਨਤਕਸ਼ ਵਰਗ ਆਪੋ-ਆਪਣੇ ਹੱਕੀ ਮਸਲਿਆਂ ਦੇ ਹੱਲ ਲਈ ਲਗਾਤਾਰ ਸੰਘਰਸ਼ਸ਼ੀਲ ਹਨ। ਇਹਨਾਂ ਮੰਗਾਂ ਦਾ ਵੱਡਾ ਹਿੱਸਾ ਹਕੂਮਤਾਂ ਵੱਲੋਂ ਲਾਗੂ ਕੀਤੇ ਜਾ ਰਹੇ ਸਾਮਰਾਜੀ ਦਿਸ਼ਾ ਨਿਰਦੇਸ਼ਿਤ ਆਰਥਿਕ ਸੁਧਾਰਾਂ ਦੇ ਹੱਲੇ ਨਾਲ ਸੰਬੰਧਿਤ ਹੈ। ਕੇਂਦਰੀ ਤੇ ਸੂਬਾਈ ਪੱਧਰ ਦੇ ਹਾਕਮਾਂ ਵੱਲੋਂ ਸਾਮਰਾਜੀ ਬਹੁਕੌਮੀ ਕੰਪਨੀਆਂ ਤੇ ਦੇਸੀ ਕਾਰਪੋਰੇਟ ਘਰਾਣਿਆਂ ਨੇ ਦੇਸ਼ ਦੇ ਸਾਰੇ ਸੋਮੇ ਤੇ ਕਿਰਤ ਸ਼ਕਤੀ ਲੁਟਾਉਣ ਲਈ ਚੌਤਰਫਾ ਹੱਲਾ ਲੋਕਾਂ ਖ਼ਿਲਾਫ਼ ਬੋਲਿਆ ਹੋਇਆ ਹੈ। ਕੇਂਦਰ ਦੀ ਮੋਦੀ ਸਰਕਾਰ ਨੇ ਇਸ ਹੱਲੇ ਨੂੰ ਪੂਰੀ ਬੇਕਿਰਕੀ ਤੇ ਤੇਜ਼ ਰਫਤਾਰ ਨਾਲ ਲਾਗੂ ਕਰਦਿਆਂ ਕਾਰਪੋਰੇਟ/ਸਾਮਰਾਜ/ਜਗੀਰਦਾਰੀ ਪੱਖੀ ਤੇ ਲੋਕ ਦੋਖੀ ਨਵੇਂ ਕਾਨੂੰਨ ਲਿਆਉਣ ਤੇ ਪੁਰਾਣਿਆਂ 'ਚ ਤਬਦੀਲੀਆਂ ਕਰਨ ਦਾ ਵੱਡਾ ਅਮਲ ਚਲਾਇਆ ਗਿਆ ਹੈ। ਲੋਕਾਂ ਲਈ ਬੱਜਟਾਂ ਦੇ ਮੂੰਹ ਬੰਦ ਕਰਨ ਤੇ ਕਾਰਪੋਰੇਟ ਜਗਤ ਲਈ ਖੋਲ੍ਹਣ ਦੇ ਕਦਮ ਨਿਸ਼ੰਗ ਹੋ ਕੇ ਚੱਕੇ ਗਏ ਹਨ। ਮੋਦੀ ਸਰਕਾਰ ਆਰਥਿਕ ਸੁਧਾਰਾਂ ਦੇ ਇਸ ਹੱਲੇ ਨੂੰ ਅੱਗੇ ਵਧਾਉਣ ਲਈ ਲੋਕਾਂ 'ਤੇ ਫ਼ਿਰਕੂ ਫਾਸ਼ੀ ਹਮਲੇ ਨੂੰ ਹੋਰ ਤੇਜ਼ ਕਰ ਰਹੀ ਹੈ ਅਤੇ ਜਮਹੂਰੀ ਹੱਕਾਂ ਨੂੰ ਕੁਚਲਣ ਦੇ ਰਾਹ 'ਤੇ ਚੱਲ ਰਹੀ ਹੈ। ਪੰਜਾਬ ਸਰਕਾਰ ਵੀ ਅਖੌਤੀ ਆਰਥਿਕ ਸੁਧਾਰਾਂ ਦੇ ਏਸੇ ਰਾਹ 'ਤੇ ਪੈਰ ਟਿਕਾ ਕੇ ਚੱਲ ਰਹੀ ਹੈ ਅਤੇ ਜੋਕਾਂ ਦੇ ਵਿਕਾਸ ਦਾ ਮਾਡਲ ਲਾਗੂ ਕਰ ਰਹੀ ਹੈ ਜਿਹੜਾ ਨਾ ਸਿਰਫ ਪੰਜਾਬ ਦੇ ਮਿਹਨਤਕਸ਼ ਲੋਕਾਂ ਨੂੰ ਉਜਾੜੇ ਮੂੰਹ ਧੱਕ ਰਿਹਾ ਹੈ ਸਗੋਂ ਪੰਜਾਬ ਦੀ ਮਿੱਟੀ ਪਾਣੀ ਤੇ ਆਬੋ ਹਵਾ ਸਮੇਤ ਸਮੁੱਚੇ ਵਾਤਾਵਰਨ ਨੂੰ ਤਬਾਹ ਕਰ ਰਿਹਾ ਹੈ।



ਮੀਟਿੰਗ 'ਚ ਸ਼ਾਮਲ ਆਗੂਆਂ ਦਾ ਸਾਂਝਾ ਮੱਤ ਉਭਰਿਆ ਕਿ ਅੱਜ ਪੰਜਾਬ ਦੇ ਸਭਨਾਂ ਮਿਹਨਤਕਸ਼ ਵਰਗਾਂ ਦੇ ਅਹਿਮ ਮੁੱਦਿਆਂ ਦੀ ਤੰਦ ਇਹਨਾਂ ਨਵੀਆਂ ਆਰਥਿਕ ਨੀਤੀਆਂ ਦੇ ਹੱਲੇ ਨਾਲ ਜੁੜਦੀ ਹੈ ਪਰ ਲੋਕਾਂ ਦੇ ਸੰਘਰਸ਼ ਇੱਕਜੁਟ ਨਹੀਂ ਹਨ। ਇਹਨਾਂ ਸਾਰੇ ਸੰਘਰਸ਼ਾਂ ਨੂੰ ਇੱਕ ਸਾਂਝੀ ਤੰਦ 'ਚ ਪਰੋ ਕੇ ਅੱਗੇ ਵਧਾਉਣ ਦਾ ਕੰਮ ਇੱਕ ਵੱਡਾ ਤੇ ਲਮਕਵਾਂ ਕਾਰਜ ਹੈ। ਇਸ ਦਿਸ਼ਾ 'ਚ ਅੱਗੇ ਵਧਣ ਲਈ ਹਾਜ਼ਰ ਜਥੇਬੰਦੀਆਂ ਨੇ ਸਾਂਝੇ ਯਤਨ ਜੁਟਾਉਣ ਦਾ ਫੈਸਲਾ ਕਰਦਿਆਂ ਇੱਕ ਸਾਂਝਾ ਮੰਗ ਪੱਤਰ ਤਿਆਰ ਕਰਕੇ ਸਾਂਝਾ ਸੰਘਰਸ਼ ਛੇੜਨ ਦਾ ਐਲਾਨ ਕੀਤਾ। ਜਿਸਦੇ ਪਹਿਲੇ ਕਦਮ ਵਜੋਂ ਮੀਟਿੰਗ ਚ ਸ਼ਾਮਲ ਜਥੇਬੰਦੀਆਂ ਦੀਆਂ ਵੱਖ-ਵੱਖ ਪੱਧਰ ਦੀਆਂ ਆਗੂ ਪਰਤਾਂ ਦੀ ਸਾਂਝੀ ਸੂਬਾਈ ਕਨਵੈਨਸ਼ਨ 19 ਫਰਵਰੀ ਨੂੰ ਬਰਨਾਲਾ ਵਿਖੇ ਹੋਵੇਗੀ। ਇਸ ਕਨਵੈਨਸ਼ਨ ਮੌਕੇ ਅਗਲੇ ਸੰਘਰਸ਼ ਐਕਸ਼ਨਾਂ ਦਾ ਐਲਾਨ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਹਰ ਜਥੇਬੰਦੀ ਆਪੋ ਆਪਣੀਆਂ ਫੌਰੀ ਮੰਗਾਂ 'ਤੇ ਚੱਲ ਰਹੇ ਸੰਘਰਸ਼ਾਂ ਨੂੰ ਆਪਣੀਆਂ ਜਰੂਰਤਾਂ ਅਨੁਸਾਰ ਉਵੇਂ ਜਿਵੇਂ ਸੰਬੋਧਿਤ ਹੋਵੇਗੀ ,ਜਦਕਿ ਇਹ ਸਾਂਝਾ ਹੰਭਲਾ ਹਰ ਤਬਕੇ ਦੇ ਅਹਿਮ ਨੀਤੀ ਮੁੱਦਿਆਂ ਨੂੰ ਸਾਂਝੇ ਮੁੱਦਿਆਂ ਵਜੋਂ ਉਭਾਰਨ ਤੇ ਸੰਘਰਸ਼ ਨੂੰ ਤਕੜਾਈ ਦੇਣ ਦਾ ਸਾਧਨ ਬਣੇਗਾ। ਇਹ ਸਾਂਝੀ ਸੰਘਰਸ਼ ਸਰਗਰਮੀ ਆ ਰਹੀਆਂ ਲੋਕ ਸਭਾ ਚੋਣਾਂ ਦੇ ਭਟਕਾਊ ਤੇ ਭਰਮਾਊ ਮਾਹੌਲ ਦਰਮਿਆਨ ਹਕੀਕੀ ਲੋਕ ਮੁੱਦਿਆਂ ਨੂੰ ਉਭਾਰਨ ਰਾਹੀਂ ਲੋਕਾਂ ਦੀ ਸੰਘਰਸ਼ਸ਼ੀਲ ਤਾਕਤ ਦੇ ਪੋਲ ਨੂੰ ਉਭਾਰਨ ਦਾ ਜ਼ਰੀਆ ਵੀ ਬਣੇਗੀ। ਸ਼ਾਮਲ ਜਥੇਬੰਦੀਆਂ ਨੇ ਪੰਜਾਬ ਦੇ ਸੰਘਰਸ਼ਸ਼ੀਲ ਲੋਕਾਂ ਦੇ ਅਸਲ ਤੇ ਫੌਰੀ ਏਜੰਡੇ ਵਜੋਂ 30 ਮੰਗਾਂ ਦਾ ਸਾਂਝਾ ਮੰਗ ਪੱਤਰ ਤਿਆਰ ਕੀਤਾ। ਇਸ ਮੰਗ ਪੱਤਰ ਨੂੰ ਲੋਕਾਂ ਵਿੱਚ ਪ੍ਰਚਾਰਿਆ ਜਾਵੇਗਾ ਤੇ ਇਸ ਮੰਗ ਪੱਤਰ ਦੁਆਲੇ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ।

ਇਸ ਮੰਗ ਪੱਤਰ 'ਚ ਉੱਪਰ ਜ਼ਿਕਰ ਅਧੀਨ ਆਈਆਂ ਮੰਗਾਂ ਤੋਂ ਇਲਾਵਾ ਹੋਰ ਪ੍ਰਮੁੱਖ ਮੰਗਾਂ 'ਚ ਕੰਮ ਦਿਹਾੜੀ ਦੇ 12 ਘੰਟੇ ਕਰਨ ਦਾ ਪੰਜਾਬ ਸਰਕਾਰ ਦਾ ਨੋਟੀਫਿਕੇਸ਼ਨ ਰੱਦ ਕਰਨ, ਖੇਤ ਮਜ਼ਦੂਰਾਂ ਸਮੇਤ ਸਫਾਈ, ਉਸਾਰੀ, ਮਨਰੇਗਾ ਤੇ ਭੱਠਾ ਮਜ਼ਦੂਰਾਂ ਲਈ ਸਾਲ ਭਰ ਵਾਸਤੇ ਕੰਮ, ਆਰਥਿਕ ਸੁਰੱਖਿਆ ਤੇ ਸਨਮਾਨਯੋਗ ਗੁਜ਼ਾਰੇ ਵਾਲੀ ਤਨਖਾਹ ਦੇਣ, ਪ੍ਰਾਈਵੇਟ ਥਰਮਲਾਂ ਨਾਲ ਕੀਤੇ ਸਮਝੌਤੇ ਰੱਦ ਕਰਨ, ਬਿਜਲੀ ਕਨੂੰਨ 2003 ਤੇ ਸੋਧ ਬਿੱਲ 2022ਰੱਦ ਕਰਨ ਤੇ ਸਮੁੱਚੇ ਬਿਜਲੀ ਖੇਤਰ ਦਾ ਸਰਕਾਰੀਕਰਨ ਕਰਨ, ਪਾਣੀ ਦੇ ਸੋਮਿਆਂ ਨੂੰ ਦੇਸੀ ਵਿਦੇਸ਼ੀ ਬਹੁਕੌਮੀ ਕੰਪਨੀਆਂ ਹਵਾਲੇ ਕਰਨ ਦੇ ਕਦਮ ਫੌਰੀ ਰੋਕਣ, ਕੌਮੀ ਸਿੱਖਿਆ ਨੀਤੀ 2020 ਫੌਰੀ ਰੱਦ ਕਰਨ ਤੇ ਸੂਬੇ ਅੰਦਰ ਪ੍ਰਾਈਵੇਟ ਯੂਨਿਵਰਸਿਟੀਆਂ ਖੋਲ੍ਹਣ 'ਤੇ ਰੋਕ ਲਾਉਣ, ਸਭਨਾਂ ਲੋੜਵੰਦ ਬੇ-ਘਰੇ ਪੇਂਡੂ ਤੇ ਸ਼ਹਿਰੀ ਲੋਕਾਂ ਨੂੰ ਪਲਾਟ ਤੇ ਮਕਾਨ ਦੇਣ, ਸੜਕਾਂ 'ਤੇ ਟੋਲ ਟੈਕਸ ਲਾਉਣ ਦੀ ਨੀਤੀ ਰੱਦ ਕਰਨ ,ਕਾਲੇ ਕਾਨੂੰਨ ਰੱਦ ਕਰਨ ਤੇ ਨਸ਼ਿਆਂ ਦੇ ਧੰਦੇ ਨੂੰ ਫੌਰੀ ਨੱਥ ਪਾਉਣ ਵਰਗੀਆਂ ਮੰਗਾਂ ਪ੍ਰਮੁੱਖ ਹਨ। ਜਥੇਬੰਦੀਆਂ ਨੇ ਪੰਜਾਬ ਦੀਆਂ ਹੋਰਨਾਂ ਸੰਘਰਸ਼ਸ਼ੀਲ ਜਥੇਬੰਦੀਆਂ ਨੂੰ ਸੱਦਾ ਦਿੱਤਾ ਕਿ ਉਹ ਸਾਂਝੇ ਸੰਘਰਸ਼ ਉਸਾਰਨ ਦੇ ਇਹਨਾਂ ਯਤਨਾਂ ਦਾ ਹਿੱਸਾ ਬਣਨ। ਸ਼ਾਮਲ ਜਥੇਬੰਦੀਆਂ ਨੇ 16 ਫਰਵਰੀ ਦੇ ਭਾਰਤ ਬੰਦ ਦੇ ਐਕਸ਼ਨ ਵਿੱਚ ਵੀ ਵਧ ਚੜ੍ਹ ਕੇ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੀਟਿੰਗ ਵਿੱਚ ਭਾਕਿਯੂ ਏਕਤਾ-ਉਗਰਾਹਾਂ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਕੋਕਰੀ ਕਲਾਂ, ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਲਛਮਣ ਸਿੰਘ ਸੇਵੇਵਾਲਾ,ਡੀ ਟੀ ਐਫ਼ ਦੇ ਪ੍ਰਧਾਨ ਦਿਗਵਿਜੇਪਾਲ ਸ਼ਰਮਾ, ਮੋਲਡਰ ਐਂਡ ਸਟੀਲ ਵਰਕਰਜ਼ ਯੂਨੀਅਨ ਦੇ ਪ੍ਰਧਾਨ ਹਰਜਿੰਦਰ ਸਿੰਘ,ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰ ਯੂਨੀਅਨ ਦੇ ਪ੍ਰਧਾਨ ਵਰਿੰਦਰ ਸਿੰਘ ਮੋਮੀ, ਵੇਰਕਾ ਕੈਟਲਫੀਡ ਤੇ ਮਿਲਕ ਪਲਾਂਟ ਯੂਨੀਅਨ ਪੰਜਾਬ ਦੇ ਜਸਵੀਰ ਸਿੰਘ,ਪੀ ਐਸ ਯੂ ਦੇ ਹੁਸ਼ਿਆਰ ਸਿੰਘ ਸਲੇਮਗੜ੍ਹ, ਆਊਟਸੋਰਸ ਮੀਟਰ ਰੀਡਰ ਯੂਨੀਅਨ ਪੰਜਾਬ ਦੇ ਜਗਸੀਰ ਸਿੰਘ, ਟੈਕਨੀਕਲ ਸਰਵਿਸਜ਼ ਯੂਨੀਅਨ ਦੇ ਕ੍ਰਿਸ਼ਨ ਸਿੰਘ ਔਲਖ, ਪਾਵਰਕੌਮ ਐਂਡ ਟ੍ਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਦੇ ਪ੍ਰਧਾਨ ਬਲਿਹਾਰ ਸਿੰਘ, ਡਿਪਟੀ ਕਮਿਸ਼ਨਰ ਦਫ਼ਤਰ ਪੰਜਾਬ ਮੁਲਾਜ਼ਮ ਯੂਨੀਅਨ ਦੀ ਸੂਬਾ ਪ੍ਰਧਾਨ ਰਮਨਪ੍ਰੀਤ ਕੌਰ,ਪੀ ਐੱਸ ਪੀ ਸੀ ਐਲ ਆਊਟਸੋਰਸ ਮੁਲਾਜ਼ਮ ਯੂਨੀਅਨ ਪੰਜਾਬ ਦੇ ਗੁਰਵਿੰਦਰ ਸਿੰਘ ਪੰਨੂ,ਜੀ ਐਚ ਟੀ ਪੀ ਠੇਕਾ ਮੁਲਾਜ਼ਮ ਯੂਨੀਅਨ ਆਜ਼ਾਦ ਦੇ ਪ੍ਰਧਾਨ ਜਗਰੂਪ ਸਿੰਘ,ਬੀ ਬੀ ਐਮ ਬੀ ਮੁਲਾਜ਼ਮ ਯੂਨੀਅਨ ਨੰਗਲ ਦੇ ਆਗੂ ਮੰਗਤ ਰਾਮ,ਪੀ ਡਬਲਯੂ ਡੀ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂ ਜਸਪ੍ਰੀਤ ਸਿੰਘ, ਸਿਹਤ ਵਿਭਾਗ ਠੇਕਾ ਮੁਲਾਜ਼ਮ ਯੂਨੀਅਨ ਦੇ ਆਗੂ ਸੁਰਿੰਦਰ ਕੁਮਾਰ , ਲਿਨਫੋਕਸ ਮਜ਼ਦੂਰ ਕਮੇਟੀ ਖੰਨਾ ਦੇ ਆਗੂ ਸੁਰਿੰਦਰ ਸਿੰਘ ਤੋਂ ਇਲਾਵਾ ਝੰਡਾ ਸਿੰਘ ਜੇਠੂਕੇ, ਜ਼ੋਰਾ ਸਿੰਘ ਨਸਰਾਲੀ ਤੇ ਇਕਬਾਲ ਸਿੰਘ ਆਦਿ ਆਗੂ ਵੀ ਹਾਜ਼ਰ ਸਨ। ਮੀਟਿੰਗ 'ਚ ਮਤਾ ਪਾਸ ਕਰਕੇ ਦਿੱਲੀ ਵੱਲ ਕੂਚ ਕਰ ਰਹੇ ਕਿਸਾਨਾਂ ਨੂੰ ਡੱਕਣ ਲਈ ਮੋਦੀ ਹਕੂਮਤ ਦੇ ਹੁਕਮਾਂ ਤੇ ਹਰਿਆਣਾ ਸਰਕਾਰ ਵੱਲੋਂ ਰੋਕਾਂ ਖੜੀਆਂ ਕਰਨ ਦੀ ਸਖ਼ਤ ਨਿਖੇਧੀ ਕਰਦਿਆਂ ਇਸਨੂੰ ਜਮਹੂਰੀ ਹੱਕਾਂ ਦਾ ਘਾਣ ਕਰਾਰ ਦਿੱਤਾ ਅਤੇ ਕਿਸਾਨਾਂ ਮਜ਼ਦੂਰਾਂ ਦਾ ਸੰਘਰਸ਼ ਕਰਨ ਦਾ ਹੱਕ ਬਹਾਲ ਕਰਨ ਦੀ ਮੰਗ ਕੀਤੀ ਗਈ।

## ਜ਼ਿਲ੍ਹਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਪਠਾਨਕੋਟ ਮਿਸਟਰ ਵਿਜੇ ਕੁਮਾਰ ਜਿਲੇਦਾਰ (ਸੇਵਾ ਮੁਕਤ) ਵੱਲੋਂ

# ਪਿੰਡ ਭਗਵਾਨਸਰ ਵਿਖੇ (ਬਸਪਾ) ਦਾ ਕੇਡਰ ਕੈਂਪ ਲਗਾਇਆ ਗਿਆ



**ਪਠਾਨਕੋਟ,11 ਫਰਵਰੀ (ਆਵਾਜ਼ਿ ਕੌਮ ਬਿਊਰੋ)**- ਮਿਸਟਰ ਬਲਵਿੰਦਰ ਕੁਮਾਰ ਸਿਟੀ ਪ੍ਰਧਾਨ ਬਸਪਾ ਪਠਾਨਕੋਟ ਵਲੋਂ ਬਸਪਾ ਦੇ ਕੇਡਰ ਕੈਂਪ ਦਾ ਆਯੋਜਨ ਸਿਰੀ ਗੁਰੂ ਰਵੀ ਦਾਸ ਮੰਦਿਰ ਪਿੰਡ ਭਗਵਾਨ ਸਰ ਵਿਖੇ ਕੀਤਾ ਗਿਆ ।ਜਿਸ ਵਿਚ ਮਿਸਟਰ ਵਿਜੇ ਕੁਮਾਰ ਜਿਲੇਦਾਰ (ਸੇਵਾ ਮੁਕਤ) ਤੇ ਜਿਲਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਪਠਾਨਕੋਟ ਵਿਸ਼ੇਸ ਤੋਰ ਤੇ ਹਾਜਿਰ ਆਏ ।ਉਹਨਾਂ ਦੇ ਨਾਲ ਵਿਧਾਨ ਸਭਾ ਹਲਕਾ ਸੁਜਾਨਪੁਰ (ਬਸਪਾ) ਮਿਸਟਰ ਸੁਰਿੰਦਰ ਕੁਮਾਰ ਡਿਪਟੀ ਡੀ ਈ ਉ (ਸੇਵਾ ਮੁਕਤ) ਵੀ ਹਾਜਿਰ ਆਏ। ਇਸ ਤੌ ਇਲਾਵਾ ਇਸ ਕੇਡਰ ਕੈਂਪ ਵਿਚ ਮਹਾਸ਼ਾ ਸਕਤੀ ਮੰਚ ਦੇ ਚੀਫ ਆਰਗੇਨਾਈਜਰ ਮਿਸਟਰ ਵੀ ਕੇ ਨਰੋਟੀਆ ਵੀ ਹਾਜਿਰ ਆਏ। ਕੇਡਰ ਕੈਂਪ ਵਿਚ ਆਏ ਹੋਏ ਲੋਕਾਂ ਨੂੰ ਸਬੌਧਤ ਕਰਦੇ ਹੋਏ ਮਿਸਟਰ ਦੇਵ ਰਾਜ ਪਿੰਡ ਭਗਵਾਨਸਰ ਨੇ ਕਿਹਾ ਕਿ ਅਸੀਂ ਸਾਰੇ ਸੁਰੂ ਤੌ ਬਹੁਜਨ ਸਮਾਜ ਪਾਰਟੀ ਨੂੰ ਵੋਟਾਂ ਪਾਉਂਦੇ ਰਹੇ ਹਾਂ ਪਰ ਕੁੱਝ ਸਾਲਾਂ ਤੌ ਬਹੁਜਨ ਸਮਾਜ ਪਾਰਟੀ ਦੇ ਪ੍ਰਧਾਨਾਂ ਜਾਂ ਨੇਤਾਵਾਂ ਵਲੌ ਪਿੰਡ ਵਿਚ ਪਾਰਟੀ ਦੇ ਪ੍ਰਾਰ ਤੇ ਪ ?ਸਾਰ ਤੇ ਧਿਆਨ ਨਹੀ ਦਿਤਾ ਜਾ ਰਿਹਾ ਹੈ। ਜਿਸ ਦੀ ਵਜਹ ਨਾਲ ਅਸੀਂ ਵੀ ਪਾਰਟੀ ਨਾਲੌ ਟੁਟੇ ਹੋਏਂ ਹਾਂ ਅਤੇ ਇਸ ਕਰਕੇ ਪਾਰਟੀ ਦੀਆਂ ਵੋਟਾਂ ਦਾ ਗਰਾਫ ਡਾਉਨ ਆ ਚੁਕਿਆ ਹੈ । ਪਹਿਲਾਂ ਬਹੁਜਨ ਸਮਾਜ ਪਾਰਟੀ ਦੇ ਪ੍ਰਧਾਨ ਜਾ ਲੀਡਰ ਸਿਰਫ ਚੋਣਾਂ ਵੇਲੇ ਜਾਂ ਫੰਡ ਲੈਣ ਵੇਲੇ ਆਉਦੇਂ ਹੁੰਦੇ ਸੀ ਪਰ ਹੁਣ ਉਹ ਵੀ ਬੰਦ ਹੋ ਚੁਕੇ ਹਨ ।ਇਹ ਪਹਿਲੀ ਵਾਰ ਵੇਖਣ ਵਿਚ ਆਇਆ ਹੈ ਕਿ ਕੋਈ ਜਿਲਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਦਾ ਵਿਧਾਨ ਸਭਾ ਚੌਣਾਂ ਤੌ ਪਹਿਲਾਂ ਕੇਡਰ ਕੈਂਪ ਲਾ ਰਿਹਾ ਹੈ ।ਮਿਸਟਰ ਰਣਜੀਤ ਸਿੰਘ ਨੇ ਬੋਲਦੀਆਂ ਹੋਇਆਂ ਕਿਹਾ ਕਿ ਆਪ ਪਾਰਟੀ ਵਲੌ ਜੇਹੜੀ ਘਰ ਘਰ ਸੁਵਿਧਾ ਦੀ ਸਕੀਮ ਚਲਾਈ ਜਾ ਰਹੀ ਹੈ ਉਸ ਸਬੰਧੀ ਕੁਝ ਦਿਨ ਪਹਿਲਾਂ ਸਾਡੇ ਪਿੰਡ ਵਿਖੇ ਸਰਕਾਰ ਵਲੌ ਕੈਂਪ ਲਗਾਇਆ ਸੀ ਜਿਸ ਵਿਚ ਉਹਨਾਂ ਵਲੌ ਜੇਹੜੇ ਜਾਤੀ ਸਰਟੀਫਿਕੇਟ ਬਨਾਏ ਜਾ ਰਹੇ ਸਨ ਉਨਾਂ ਵਿਚ ਰਵੀਦਾਸੀਏ ਦੀ ਜਗਾਹ ਰਾਮਦਾਸੀਆ ਦਰਜ ਕੀਤਾ ਜਾ ਰਿਹਾ ਸੀ । ਇਸ ਵੱਲ ਧਿਆਨ ਦੇਣ ਦੀ ਲੋੜ ਹੈ । ਮਿਸਟਰ ਗੁਰਮੇਲ ਚੰਦ ਸਿਨੀਅਰ ਨੇਤਾ ਬਸਪਾ ਪਿੰਡ ਭਗਵਾਨਸਰ ਨੇ ਆਈ ਹੋਈ ਸੰਗਤ ਨੂੰ ਸਬੌਧਨ ਕਰਦੀਆਂ ਹੋਇਆਂ ਕਿਹਾ ਕਿ ਜਦੌ ਬਹੁਜਨ ਸਮਾਜ ਪਾਰਟੀ ਵਲੌ ਮਿਸਟਰ ਸਿਵ ਕੁਮਾਰ ਨੂੰ ਵਿਧਾਨ ਸਭਾ ਹਲਕਾ ਭੋਆ ਦੀ ਬਤੋਰ ਐਮ ਐਲ ਏ ਟਿਕਟ ਦਿਤੀ ਗਈ ਸੀ ਤਾਂ ਮੇਰੇ ਵਲੌ ਸਿਵ ਕੁਮਾਰ ਦੀ ਪੁਰੀ ਤਾਕਤ ਨਾਲ ਮਦਦ ਕੀਤੀ ਗਈ ਸੀ ਏਥੌ ਤੱਕ ਕਿ ਮੇਰੀ ਗਡੀ ਦੀ ਵੀ ਵਰਤੌ ਉਸ ਦੀਆਂ ਚੌਣਾਂ ਵਿਚ ਕੀਤੀ ਗਈ ਸੀ ਪਰ ਅੱਜ ਕਈ ਸਾਲ ਬੀਤ ਚੁਕੇ ਹਨ ਮੇਰੀ ਗਡੀ ਦਾ ਕਿਰਾਇਆ ਜੇਹੜਾ ਹਜਾਰਾਂ ਰੂਪੈ ਬਨੰਦਾ ਹੈ ਉਸ ਵਲੌ ਨਹੀ ਦਿਤਾ ਗਿਆ ਜਿਸ ਦੀ ਵਜਹ ਕਰਕੇ ਮੈਂ ਤੇ ਮੇਰਾ ਪਰਿਵਾਰ ਪਾਰਟੀ ਤੌ ਨਰਾਜ ਹੋ ਚੁਕਾ ਹੈ। ਤੇ ਹੁਣ ਅਸੀਂ ਪਾਰਟੀ ਤੌ ਬੇਮੁਖ ਹੋ ਚੁਕੇ ਹਾਂ ਅਤੇ ਸਾਡਾ ਮੋਹ ਪਾਰਟੀ ਤੌ ਇਹੋ ਜੇਹੇ ਲੀਡਰਾਂ ਦੀ ਵਜਾ ਕਰਕੇ ਭੰਗ ਹੋ ਚੁਕਾ ਹੈ। ਕਿਰਪਾ ਕਰਕੇ ਮੇਰੇ ਪੈਸੇ ਸਿਵ ਕੁਮਾਰ ਕੋਲੋਂ ਦੁਆਏ ਜਾਣ। ਇਸ ਤੌ ਇਲਾਵਾ ਇਸ ਕੇਡਰ ਕੈਪਂ ਨੂੰ ਰਵੀ ਭੂਸਨ ,ਮਾਸਟਰ ਸਸ਼ੀ ਕੁਮਾਰ ਨੇ ਵੀ ਸਬੌਧਨ ਕੀਤਾ ।ਮਿਸਟਰ ਸੁਰਿੰਦਰ ਕੁਮਾਰ ਡੀਪਟੀ ਡੀ ਈ ਉ ਤੇ ਪ੍ਰਧਾਨ ਵਿਧਾਨ ਸਭਾ ਹਲਕਾ (ਬਸਪਾ) ਸੁਜਾਨਪੁਰ ਨੇ ਬੋਲਦੀਆਂ ਹੋਇਆਂ ਕਿਹਾ ਕਿ ਬਸਪਾ ਦਾ ਗਰਾਫ ਜੇਹੜਾ ਥਲੇ ਡਿਗ ਚੁਕਾ ਹੈ ਅਸੀਂ ਉਸ ਗਰਾਫ ਨੂੰ ਫੇਰ ਬੁਲੰਦਿਆਂ ਤੇ ਲੈ ਕੇ ਜਾਵਾਂਗੇ। ਮਿਸਟਰ ਵੀ ਕੇ ਨਰੋਟੀਆ ਚੀਫ ਆਰਗੇਨਾਈਜਰ ਮਹਾਸ਼ਾ ਸਕਤੀ ਮੰਚ ਪਠਾਨਕੋਟ ਵਲੋ ਬੋਲਦੀਆਂ ਹੋਇਆਂ ਬਹੁਜਨ ਸਮਾਜ ਪਾਰਟੀ ਦੇ ਏਜੰਡੇ ਅਤੇ ਨੀਤੀਆਂ ਤੌ ਆਈ ਹੋਈ ਸਗੰਤ ਨੂੰ ਵਿਸਥਾਰ ਪੂਰਵਕ ਜਾਣੂ ਕਰਵਾਇਆ ਗਿਆ। ਇਸ ਕੇਡਰ ਕੈਂਪ ਦੇ ਸਟੇਜ ਸਕਤਰ ਦਾ ਫਰਜ ਮਿਸਟਰ ਬਲਵਿੰਦਰ ਸਿੰਘ ਸਿਟੀ ਪ੍ਰਧਾਨ ਬਸਪਾ ਪਠਾਨਕੋਟ ਵਲੌ ਨਿਭਾਇਆ ਗਿਆ। ਆਖੀਰ ਵਿਚ ਆਈ ਹੋਈ ਸੰਗਤ ਨੂੰ ਜਿਲਾ ਪ੍ਰਧਾਨ ਬਹੁਜਨ ਸਮਾਜ ਪਾਰਟੀ ਪਠਾਨਕੋਟ ਵਲੌ ਸੰਬੌਧਤ ਕੀਤਾ ਗਿਆ ਉਹਨਾਂ ਕਿਹਾ ਕਿ " ਧਰਮ ਬਿਨਾਂ ਨਾ ਰਾਜ ਚਲੇ ,ਰਾਜ ਬਿਨਾਂ ਸਭ ਦਲੇ ਮਲੇ" ਸੋ ਮੇਰੇ ਵੀਰੋ ਰਾਜ ਸਤਾ ਤੇ ਕਬਜਾ ਕਰੋ ।ਮਨੂੰਵਾਦੀਆਂ ਦੀਆਂ ਸਿਆਸੀ ਪਾਰਟੀਆਂ ਦੀਆਂ ਦਰੀਆਂ ਵਿਛਾਉਨ ਦੀ ਬਜਾਏ ਆਪਣੀ ਵਰਾਸਤ ਸਾਭੌ ।ਆਪਣੀ ਪਾਰਟੀ ਬਸਪਾ ਦਾ ਸਾਥ ਦਿਉ ਤਾਂ ਹੀ ਤੁਸੀਂ ਅਤੇ ਤਹਾਡੀਆਂ ਆਉਣ ਵਾਲੀਆਂ ਪੀੜੀਆਂ ਸੁਖ ਲੈ ਸਕਦੀਆਂ ਹਨ।



ਸਮਾਜ ਸੇਵੀ ਭਾਨਾ ਸਿੱਧੂ ਨੇ ਅੱਜ ਰਿਹਾਈ ਤੋਂ ਬਾਅਦ ਗੁਰਦੁਆਰਾ ਗੁਰਸਾਗਰ ਮਸਤੂਆਣਾ ਸਾਹਿਬ ਵਿਖੇ ਮੱਥਾ ਟੇਕਿਆ, ਮੱਥਾ ਟੇਕਣ ਤੋਂ ਉਪਰੰਤ ਹੈਡ ਗ੍ਰੰਥੀ ਬਾਬਾ ਸੁਖਦੇਵ ਸਿੰਘ ਜੀ ਭਾਨੇ ਸਿੱਧੂ ਦਾ ਸਨਮਾਨ ਕਰਦੇ ਹੋਏ। (ਫੋਟੋ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)